SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 143 | Thursday, July 27, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਵੀ ਪੜ੍ਹ ਸਕਦੇ ਹੋ

## ਕਾਰ ਤੇ ਮੋਟਰਸਾਈਕਲ ਦੀ ਟੱਕਰ ਵਿੱਚ ਦੋ ਹਲਾਕ

ਵਾਅਨ, 26 ਜੁਲਾਈ (ਪੋਸਟ ਬਿਊਰੋ) : ਮੰਗਲਵਾਰ ਰਾਤ ਨੂੰ ਵਾਅਨ ਵਿੱਚ ਇੱਕ ਮੋਟਰਸਾਈਕਲ ਨੂੰ ਪੇਸ਼ ਆਏ ਹਾਦਸੇ ਵਿੱਚ ਦੋ ਵਿਅਕਤੀਆਂ ਦੀ ਮੌਤ ਹੋ ਗਈ।

ਮੰਗਲਵਾਰ ਨੂੰ ਥੌਰਨਹਿੱਲ ਵੁੱਡਜ਼ ਡਰਾਈਵ ਨੇੜੇ ਹਾਈਵੇਅ 7 ਉੱਤੇ ਰਾਤੀਂ 10:15 ਦੇ ਨੇੜੇ ਤੇੜੇ ਇੱਕ ਕਾਰ ਤੇ ਮੋਟਰਸਾਈਕਲ ਦਰਮਿਆਨ ਟੱਕਰ ਹੋ ਗਈ। ਪੁਲਿਸ ਨੇ ਦੱਸਿਆ ਕਿ ਮੋਟਰਸਾਈਕਲ ਉਤੇ ਸਵਾਰ ਪੁਰਸ਼ ਤੇ ਮਹਿਲਾ ਦੀ ਮੌਕੇ ਉੱਤੇ ਹੀ ਮੌਤ ਹੋ ਗਈ। ਮਾਮੂਲੀ ਸੱਟਾਂ ਲਈ ਕਾਰ ਚਲਾ ਰਹੀ ਮਹਿਲਾ ਨੂੰ ਇਲਾਜ ਵਾਸਤੇ ਹਸਪਤਾਲ ਲਿਜਾਇਆ ਗਿਆ।



ਹਾਦਸਾ ਐਨਾ ਜ਼ਬਰਦਸਤ ਸੀ ਕਿ ਕਾਰ ਪਲਟ ਕੇ ਛੱਤ ਦੇ ਭਾਰ ਖੜ੍ਹੀ ਹੋ ਗਈ। ਹਾਦਸੇ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਹਾਦਸੇ ਦੀ ਜਾਂਚ ਲਈ ਹਾਈਵੇਅ 7 ਨੂੰ ਇਸ ਇਲਾਕੇ ਵਿੱਚ ਬੰਦ ਕੀਤਾ ਗਿਆ ਸੀ ਪਰ ਫਿਰ ਰੋਡਜ਼ ਨੂੰ ਖੋਲ੍ਹ ਦਿੱਤਾ ਗਿਆ।

### ਸਕਾਰਬਰੋ-ਗਿਲਡਵੁੱਡ ਜ਼ਿਮਨੀ ਚੋਣ:
## ਲਿਬਰਲਾਂ ਦੇ ਗੜ੍ਹ ਉੱਤੇ ਪੀਸੀ ਪਾਰਟੀ ਨੂੰ ਕਬਜਾ ਜਮਾਉਣ ਦੀ ਪੂਰੀ ਆਸ

ਓਨਟਾਰੀਓ, 26 ਜੁਲਾਈ (ਪੋਸਟ ਬਿਊਰੋ) : ਅਜੇ ਮੇਅਰ ਦੇ ਅਹੁਦੇ ਲਈ ਕਰਵਾਈਆਂ ਗਈਆਂ ਜ਼ਿਮਨੀ ਚੋਣਾਂ ਨੂੰ ਕੁੱਝ ਹਫਤੇ ਹੀ ਬੀਤੇ ਹਨ ਕਿ ਇੱਕ ਵਾਰੀ ਫਿਰ ਸਕਾਰਬਰੋ-ਗਿਲਡਵੁੱਡ ਦੇ ਰੈਜ਼ੀਡੈਂਟਸ ਨੂੰ ਇੱਕ ਹੋਰ ਪ੍ਰੋਵਿੰਸ਼ੀਅਲ ਸੀਟ ਨੂੰ ਭਰਨ ਲਈ ਵੋਟ ਪਾਉਣ ਲਈ ਆਖਿਆ ਜਾ ਰਿਹਾ ਹੈ।



16 ਸਾਲਾਂ ਤੋਂ ਇਹ ਸੀਟ ਓਨਟਾਰੀਓ ਦੀ ਲਿਬਰਲ ਪਾਰਟੀ ਕੋਲ ਸੀ ਤੇ ਇਸ ਸੀਟ ਉੱਤੇ ਮਿਤਜ਼ੀ ਹੰਟਰ ਕੰਮ ਕਰ ਰਹੀ ਸੀ ਪਰ ਟੋਰਾਂਟੋ ਦੇ ਮੇਅਰ ਦੇ ਅਹੁਦੇ ਦੀ ਚੋਣ ਵਿੱਚ ਹਿੱਸਾ ਲੈਣ ਵਾਸਤੇ ਉਸ ਵੱਲੋਂ ਇਸ ਸੀਟ ਤੋਂ ਅਸਤੀਫਾ ਦੇ ਦਿੱਤਾ ਗਿਆ। ਮੇਅਰ ਦੇ ਅਹੁਦੇ ਦੀ ਦੌੜ ਵਿੱਚ ਉਹ ਛੇਵੇਂ ਸਥਾਨ ਉੱਤੇ ਰਹੀ। ਹੁਣ ਕੁਈਨਜ਼ ਪਾਰਕ ਵਿਖੇ ਇਸ ਹਲਕੇ ਦੀ ਨੁਮਾਇੰਦਗੀ ਨੂੰ ਬਦਲਣ ਦੀ ਆਸ ਨਾਲ ਡੱਗ ਫੋਰਡ ਦੀ ਪ੍ਰੋਗਰੈਸਿਵ ਕੰਜ਼ਰਵੇਟਿਵ ਪਾਰਟੀ ਵੱਲੋਂ ਟੱਕਰ ਦਾ ਉਮੀਦਵਾਰ ਖੜ੍ਹਾ ਕੀਤਾ ਗਿਆ ਹੈ। ਪੀਸੀ ਪਾਰਟੀ ਦੀ ਛਤਰਛਾਇਆ ਹੇਠ ਟੋਰਾਂਟੋ ਸਿਟੀ ਕਾਊਂਸਲਰ ਗੈਰੀ ਕ੍ਰਾਅਫਰਡ ਖੜ੍ਹੇ ਹੋਏ ਹਨ। ਸਕਾਰਬਰੋ-ਸਾਊਥਵੈਸਟ ਤੋਂ ਉਹ ਕਾਊਂਸਲਰ ਵਜੋਂ ਆਪਣੀਆਂ ਚਾਰ ਟਰਮਜ਼ ਪੂਰੀਆਂ ਕਰ ਚੁੱਕੇ ਹਨ। ਸਾਬਕਾ ਮੇਅਰ ਜੌਹਨ ਟੋਰੀ ਵੱਲੋਂ ਵੀ ਕ੍ਰਾਅਫਰਡ ਨੂੰ ਪੂਰਾ ਸਮਰਥਨ ਦਿੱਤਾ ਜਾ ਰਿਹਾ ਹੈ।

ਲਿਬਰਲਾਂ ਵੱਲੋਂ ਪ੍ਰੈਜ਼ੀਡੈਂਟ ਆਫ ਦ ਸਕਾਰਬਰੋ ਬਿਜ਼ਨਸ ਐਸੋਸਿਏਸ਼ਨ ਐਂਡ ਕਮਿਊਨਿਟੀ ਐਡਵੋਕੇਟ ਐਂਡਰੀਆ ਹੇਜ਼ਲ ਨੂੰ ਇਸ ਸੀਟ ਲਈ ਮੈਦਾਨ ਵਿੱਚ ਉਤਾਰਿਆ ਗਿਆ ਹੈ। ਐਨਡੀਪੀ ਦੀ ਉਮੀਦਵਾਰ ਥਾਡਸਾ ਨਵਨੀਥਨ ਵੀ ਮੈਦਾਨ ਵਿੱਚ ਹੈ। ਉਸ ਦਾ ਮੰਨਣਾ ਹੈ ਕਿ ਮੇਅਰ ਓਲੀਵੀਆ ਚਾਓ ਦੀ ਜਿੱਤ ਨਾਲ ਵੋਟਰਾਂ ਦੀ ਨਬਜ਼ ਪਛਾਣੀ ਜਾ ਸਕਦੀ ਹੈ ਤੇ ਇਸ ਵਾਰੀ ਇਸ ਸੀਟ ਤੋਂ ਐਨਡੀਪੀ ਦੇ ਜਿੱਤਣ ਦੀ ਪੂਰੀ ਸੰਭਾਵਨਾ ਹੈ।

# ਟਰੂਡੋ ਨੇ ਆਪਣੇ ਕੈਬਨਿਟ ਵਿੱਚ ਕੀਤਾ ਵੱਡਾ ਫੇਰਬਦਲ

*** ਸੱਤ ਨਵੇਂ ਚਿਹਰਿਆਂ ਨੂੰ ਕੀਤਾ ਸ਼ਾਮਲ * ਅੱਠ ਮੰਤਰੀਆਂ ਨੂੰ ਨਹੀਂ ਹਿਲਾਇਆ ਗਿਆ**

ਓਟਵਾ, 26 ਜੁਲਾਈ (ਪੋਸਟ ਬਿਊਰੋ) : ਬੁੱਧਵਾਰ ਨੂੰ ਆਪਣੇ ਮੰਤਰੀ ਮੰਡਲ ਵਿੱਚ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਵੱਲੋਂ ਵੱਡਾ ਫੇਰਬਦਲ ਕੀਤਾ ਗਿਆ। ਟਰੂਡੋ ਵੱਲੋਂ ਸੱਤ ਨਵੇਂ ਚਿਹਰਿਆਂ ਨੂੰ ਆਪਣੇ ਫਰੰਟ ਬੈਂਚ ਵਿੱਚ ਸ਼ਾਮਲ ਕੀਤਾ ਗਿਆ, ਸੱਤ ਮੰਤਰੀਆਂ ਨੂੰ ਅਲਵਿਦਾ ਆਖਿਆ ਗਿਆ ਤੇ ਬਹੁਗਿਣਤੀ ਕੈਬਨਿਟ ਮੈਂਬਰਾਂ ਦੀਆਂ ਭੂਮਿਕਾਵਾਂ ਨੂੰ ਮੁੜ ਨਿਰਧਾਰਤ ਕੀਤਾ ਗਿਆ।

ਗਵਰਨਰ ਜਨਰਲ ਮੈਰੀ ਸਾਇਮਨ ਦੀ ਅਗਵਾਈ ਵਿੱਚ ਰੀਡੋ ਹਾਲ ਵਿਖੇ ਆਯੋਜਿਤ ਸਮਾਰੋਹ ਵਿੱਚ ਟਰੂਡੋ ਨੇ ਅੱਠ ਸਾਲ ਸੱਤਾ ਵਿੱਚ ਰਹਿਣ ਤੋਂ ਬਾਅਦ ਘੱਟ ਗਿਣਤੀ ਲਿਬਰਲ ਸਰਕਾਰ ਦੇ ਏਜੰਡੇ ਨੂੰ ਮੁੜ ਸੈੱਟ ਕੀਤਾ। ਮੰਤਰੀ ਮੰਡਲ ਵਿੱਚ ਫੇਰਬਦਲ ਤੋਂ ਪਹਿਲਾਂ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਟਰੂਡੋ ਨੇ ਮੰਨਿਆ ਕਿ ਇਹ ਤਬਦੀਲੀ ਉਸ ਸਮੇਂ ਕੀਤੀ ਜਾ ਰਹੀ ਹੈ ਜਦੋਂ ਇੱਕ ਪਾਸੇ ਯੂਕਰੇਨ ਦੀ ਜੰਗ ਚੱਲ ਰਹੀ ਹੈ, ਵਿਦੇਸ਼ੀ ਦਖ਼ਲ



ਵੱਧ ਚੁੱਕੀ ਹੈ ਤੇ ਮਹਿੰਗਾਈ ਸਾਰੇ ਹੱਦ ਬੰਨੇ ਟੱਪ ਚੁੱਕੀ ਹੈ। ਉਨ੍ਹਾਂ ਆਖਿਆ ਕਿ ਉਨ੍ਹਾਂ ਵੱਲੋਂ ਚੁੱਕਿਆ ਗਿਆ ਇਹ ਕਦਮ ਸਕਾਰਾਤਮਕ ਹੈ। ਉਨ੍ਹਾਂ ਇਹ ਵੀ ਆਖਿਆ ਕਿ ਸਮਾਂ ਚੁਣੌਤੀਆਂ ਭਰਿਆ ਚੱਲ ਰਿਹਾ ਹੈ ਪਰ ਅਸੀਂ ਕੈਨੇਡੀਅਨਜ਼ ਲਈ ਬਿਹਤਰ ਤੇ ਸੁਰੱਖਿਅਤ ਭਵਿੱਖ ਸਿਰਜਣ ਲਈ ਹਰ ਸੰਭਵ ਕੋਸ਼ਿਸ਼ ਕਰਨੀ ਜਾਰੀ ਰੱਖਾਂਗੇ।

ਬਹੁਤੇ ਮੰਤਰੀ ਚੜ੍ਹਦੀ ਕਲਾ ਵਿੱਚ ਨਜ਼ਰ ਆ ਰਹੇ ਸਨ ਤੇ ਸਾਰਿਆਂ ਦੀਆਂ ਨਜ਼ਰਾਂ ਅਨੀਤਾ ਆਨੰਦ ਉੱਤੇ ਟਿਕੀਆਂ ਹੋਈਆਂ ਸਨ। ਅਨੀਤਾ ਆਨੰਦ ਨੂੰ ਰੱਖਿਆ ਮੰਤਰੀ ਦੇ ਅਹਿਮ ਅਹੁਦੇ ਤੋਂ ਹਟਾ ਕੇ ਖਜ਼ਾਨਾ ਬੋਰਡ ਦਾ ਪ੍ਰੈਜ਼ੀਡੈਂਟ ਨਿਯੁਕਤ ਕੀਤਾ ਗਿਆ ਹੈ। ਇਹ ਵੀ ਬਹੁਤ ਜ਼ਿੰਮੇਵਾਰੀ ਵਾਲਾ ਤੇ ਅਹਿਮ ਅਹੁਦਾ ਹੈ। ਪੱਤਰਕਾਰਾਂ ਵੱਲੋਂ ਜਦੋਂ ਪੁੱਛਿਆ ਗਿਆ ਕਿ ਰੱਖਿਆ ਮੰਤਰੀ ਵਜੋਂ ਆਪਣਾ ਕੰਮ ਅਧੂਰਾ ਛੱਡ ਕੇ ਆਉਣ ਨਾਲ ਉਸ ਨੂੰ ਕਿਹੋ ਜਿਹਾ ਲੱਗ ਰਿਹਾ ਹੈ ਤਾਂ ਉਨ੍ਹਾਂ ਆਖਿਆ ਕਿ ਜਿੱਥੇ ਉਹ ਆਪਣਾ ਕੰਮ ਅਧੂਰਾ ਛੱਡ ਕੇ ਆਈ ਹੈ ਉੱਥੋਂ ਹੀ ਮੰਤਰੀ ਬਿੱਲ ਬਲੇਅਰ ਕੰਮ ਨੂੰ ਪੂਰਾ ਕਰਨਗੇ। ਸਾਬਕਾ ਪੁਲਿਸ ਤੇ ਐਮਰਜੰਸੀ ਪ੍ਰਿਪੇਅਰਡਨੈੱਸ ਮੰਤਰੀ ਬਿੱਲ ਬਲੇਅਰ ਨੂੰ ਰੱਖਿਆ ਮੰਤਰਾਲਾ ਦਿੱਤਾ ਗਿਆ ਹੈ। ਯੂਕਰੇਨ ਵਿੱਚ ਚੱਲ ਰਹੀ ਜੰਗ ਤੇ ਰੱਖਿਆ ਮੰਤਰਾਲੇ ਨਾਲ ਜੁੜੇ ਖਰਚਿਆਂ ਦੇ ਦਬਾਅ ਵਿੱਚ ਬਲੇਅਰ ਨੂੰ ਆਪਣੀ ਕਾਰਗੁਜ਼ਾਰੀ ਵਿਖਾਉਣੀ ਹੋਵੇਗੀ।

ਜਿਸ ਸਮੇਂ ਅਫੋਰਡੇਬਿਲਿਟੀ ਚਿੰਤਾ ਦਾ ਵਿਸ਼ਾ ਬਣੀ ਹੋਈ ਹੈ ਅਜਿਹੇ ਵਿੱਚ ਹਾਊਸਿੰਗ, ਇਨਫਰਾਸਟ੍ਰਕਚਰ ਤੇ ਕਮਿਊਨਿਟੀਜ਼ ਮੰਤਰੀ ਸ਼ੌਨ ਫਰੇਜ਼ਰ ਨੂੰ ਬਣਾਇਆ ਗਿਆ ਹੈ। ਇਸ ਤੋਂ ਪਹਿਲਾਂ ਫਰੇਜ਼ਰ ਇਮੀਗ੍ਰੇਸ਼ਨ ਮੰਤਰੀ ਸਨ। ਰੈਂਡੀ ਬੌਇਸੋਨਾਲਟ ਨੂੰ ਇੰਪਲੌਇਮੈਂਟ, ਵਰਕਫੋਰਸ ਡਿਵੈਲਪਮੈਂਟ ਮੰਤਰੀ ਦੇ ਨਾਲ ਨਾਲ ਲੈਂਗੁਏਜਿਜ਼ ਮੰਤਰੀ ਨਿਯੁਕਤ ਕੀਤਾ ਗਿਆ ਹੈ। ਮੈਰੀ ਐਨਜੀ ਹੁਣ ਐਕਸਪੋਰਟ ਪ੍ਰਮੋਸ਼ਨ, ਇੰਟਰਨੈਸ਼ਨਲ ਟਰੇਡ ਤੇ ਇਕਨੌਮਿਕ ਡਿਵੈਲਪਮੈਂਟ ਮੰਤਰੀ ਹੋਵੇਗੀ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
416 938 4598

KELLEY LAW OFFICE
Immigration, Real Estate
Family Law, Business Closing
Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

OURR HOME & APPLIANCES
CANADA DAY SPECIAL
REGULAR DEAL $2,899
CANADA DAY SPECIAL
BLACK STAINLESS-STEEL PACKAGE $3,849
CANADA DAY SPECIAL
WASHER DRYER $1,699
LOCATIONS
ETOBICOKE, 44 Fasken Dr, #2-9, Etobicoke, On M9W 5M8, (416) 792-0877
BRAMPTON, Unit #1, 241 Clarence St, Brampton, On L6W 3E7, (416) 551-3343
VAUGHAN, 5781 Highway 7 Unit 10, Vaughan, ON L4L 1T8, (416) 477-5556
OAKVILLE, 1050 Speers Road, Oakville, ON L6L 2X4, (416) 613-0555
LONDON, Unit #4 -1540 Fanshawe Park Road West, London, On N6H 5L8
STONEY CREEK, Unit #6 – 410 Lewis Road, Stoney Creek, On L8E 5Y7, (905) 643-0818
416-551-5553
WWW.OURRHOMEAPPLIANCES.COM
~OURR HOME IN EVERY HOME~

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc. Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Allstate. You're in good hands.
Insurance
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca
Trademark used under licence by Allstate Insurance Company. 232374 | 6-23

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਟਰੂਡੋ ਨੇ ਆਪਣੇ ਕੈਬਨਿਟ ਵਿੱਚ ਕੀਤਾ ਵੱਡਾ ਫੇਰਬਦਲ

ਪੰਨਾ 1 ਦਾ ਬਾਕੀ

ਟਰੂਡੋ ਦੇ ਨਜ਼ਦੀਕੀ ਸਹਾਇਕ ਤੇ ਲੰਮੇਂ ਸਮੇਂ ਤੋਂ ਚੱਲੇ ਆ ਰਹੇ ਦੋਸਤ ਡੌਮੀਨਿਕ ਲੀਬਲਾਂਕ ਪਬਲਿਕ ਸੇਫਟੀ, ਡੈਮੋਕ੍ਰੈਟਿਕ ਇੰਸਟੀਚਿਊਸ਼ਨਜ਼ ਤੇ ਇੰਟਰਗਵਰਮੈਂਟਲ ਮਾਮਲਿਆਂ ਦੇ ਮੰਤਰੀ ਹੋਣਗੇ। ਉਨ੍ਹਾਂ ਦੇ ਮੋਢਿਆਂ ਉੱਤੇ ਪ੍ਰੋਵਿੰਸਾਂ ਨਾਲ ਸਬੰਧਾਂ ਨੂੰ ਕਾਇਮ ਰੱਖਣ, ਵਿਦੇਸ਼ੀ ਦਖ਼ਲ ਦੀ ਜਨਤਕ ਜਾਂਚ ਸਬੰਧੀ ਚੱਲ ਰਹੀ ਗੱਲਬਾਤ ਦਾ ਹੱਲ ਕੱਢਣ ਤੇ ਅਹਿਮ ਗੰਨ ਕੰਟਰੋਲ ਕਾਨੂੰਨ ਤੇ ਨਾਲ ਨਾਲ ਆਰਸੀਐਮਪੀ ਸੁਧਾਰਾਂ ਦੀ ਜ਼ਿੰਮੇਵਾਰੀ ਹੋਵੇਗੀ। ਪਾਬਲੋ ਰੌਡਰਿਗਜ਼ ਨੂੰ ਟਰਾਂਸਪੋਰਟ ਮੰਤਰੀ ਨਿਯੁਕਤ ਕੀਤਾ ਗਿਆ ਹੈ। ਉਹ ਕਿਊਬਿਕ ਦੇ ਲੈਫਟੀਨੈਂਟ ਦੀ ਭੂਮਿਕਾ ਨਿਭਾਉਣੀ ਵੀ ਜਾਰੀ ਰੱਖਣਗੇ। ਕੈਨੇਡੀਅਨ ਹੈਰੀਟੇਜ ਮਹਿਕਮਾ ਪਾਸਕਲ ਸੇਂਟ-ਓਜ ਨੂੰ ਦਿੱਤਾ ਗਿਆ ਹੈ। ਜੀਨ ਯਵੇਸ ਡਕਲਸ, ਪਬਲਿਕ ਸਰਵਿਸਿਜ਼ ਐਂਡ ਪ੍ਰੋਕਿਓਰਮੈਂਟ ਮੰਤਰੀ ਬਣ ਗਏ ਹਨ। ਹਾਊਸ ਲੀਡਰ ਮਾਰਕ ਹੌਲੈਂਡ ਨੂੰ ਸਿਹਤ ਮਹਿਕਮਾ ਦਿੱਤਾ ਗਿਆ ਹੈ। ਹਾਊਸ ਆਫ ਕਾਮਨਜ਼ ਵਿੱਚ ਕਰੀਨਾ ਗੋਲਡ ਸਰਕਾਰ ਦੀ ਨਵੀਂ ਲੀਡਰ ਹੋਵੇਗੀ।

ਜੌਨਾਥਨ ਨੂੰ ਕੈਨੇਡਾ ਦਾ ਐਨਰਜੀ ਮੰਤਰੀ ਥਾਪਿਆ ਗਿਆ ਹੈ ਪਰ ਉਹ ਨੈਚੂਰਲ ਰਿਸੋਰਸਿਜ਼ ਵਾਲੀ ਜ਼ਿੰਮੇਵਾਰੀ ਵੀ ਨਿਭਾਉਂਦੇ ਰਹਿਣਗੇ। ਇਸੇ ਤਰ੍ਹਾਂ ਸੀਮਸ ਓਰੀਗਨ ਲੇਬਰ ਮੰਤਰੀ ਦੀ ਭੂਮਿਕਾ ਨਿਭਾਉਂਦੇ ਰਹਿਣਗੇ ਪਰ ਇਸ ਦੇ ਨਾਲ ਹੀ ਉਨ੍ਹਾਂ ਨੂੰ ਮਨਿਸਟਰ ਆਫ ਸੀਨੀਅਰਜ਼ ਦੀ ਜ਼ਿੰਮੇਵਾਰੀ ਵੀ ਦਿੱਤੀ ਗਈ ਹੈ। ਐਟਲਾਂਟਿਕ ਕੈਨੇਡੀਅਨਜ਼ ਨੂੰ ਦਿੱਤੀਆਂ ਗਈਆਂ ਨਵੀਆਂ ਭੂਮਿਕਾਵਾਂ ਵਿੱਚ ਗੁਡੀ ਹਚਿੰਗਜ਼ ਰੂਰਲ ਇਕਨੌਮਿਕ ਡਿਵੈਲਪਮੈਂਟ ਮੰਤਰੀ ਤਾਂ ਬਣੀ ਰਹੇਗੀ ਪਰ ਇਸ ਦੇ ਨਾਲ ਹੀ ਉਸ ਨੂੰ ਐਟਲਾਂਟਿਕ ਕੈਨੇਡਾ ਓਪਰਚੁਨਿਟੀਜ਼ ਏਜੰਸੀ ਦਾ ਕੰਮ ਵੀ ਵੇਖਣਾ ਹੋਵੇਗਾ। ਲਾਅਰੈਂਸ ਮੈਕੌਲੇਅ ਨੂੰ ਐਗਰੀਕਲਚਰ ਤੇ ਐਗਰੀ-ਫੂਡ ਮੰਤਰੀ ਨਿਯੁਕਤ ਕੀਤਾ ਗਿਆ ਹੈ। ਜਿਨੈੱਟ ਪੈਟੀਟਪਸ ਟੇਲਰ ਨੂੰ ਵੈਟਰਨਜ਼ ਅਫੇਅਰਜ਼ ਮੰਤਰੀ ਤੇ ਨੈਸ਼ਨਲ ਡਿਫੈਂਸ ਦਾ ਐਸੋਸਿਏਟ ਮੰਤਰੀ ਬਣਾਇਆ ਗਿਆ ਹੈ। ਹਰਜੀਤ ਸੱਜਣ, ਕਿੰਗਜ਼ ਪ੍ਰਿਵੀ ਕਾਊਂਸਲ ਦੇ ਪ੍ਰੈਜ਼ੀਡੈਂਟ ਹੋਣਗੇ ਤੇ ਇਸ ਦੇ ਨਾਲ ਹੀ ਉਹ ਐਮਰਜੰਸੀ ਪ੍ਰਿਪੇਅਰਡਨੈੱਸ ਮੰਤਰੀ ਦੀ ਭੂਮਿਕਾ ਵੀ ਨਿਭਾਉਣਗੇ। ਇਸ ਦੇ ਨਾਲ ਹੀ ਉਨ੍ਹਾਂ ਨੂੰ ਪੈਸੇਫਿਕ ਇਕਨੌਮਿਕ ਡਿਵੈਲਪਮੈਂਟ ਏਜੰਸੀ ਆਫ ਕੈਨੇਡਾ ਮੰਤਰੀ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਬੀਸੀ ਤੋਂ ਮੰਤਰੀ ਤੇ ਪੈਰਾਲੰਪੀਅਨ ਕਾਰਲਾ ਕੁਆਲਤਰੋ ਨੂੰ ਇੱਕ ਵਾਰੀ ਫਿਰ ਖੇਡ ਤੇ ਫਿਜ਼ੀਕਲ ਐਕਟੀਵਿਟੀ ਮੰਤਰੀ ਬਣਾਇਆ ਗਿਆ ਹੈ। ਟਰੂਡੋ ਦੇ ਨੇੜਲੇ ਸਹਿਯੋਗੀ ਮਾਰਕ ਮਿਲਰ ਇਮੀਗ੍ਰੇਸ਼ਨ, ਰਫਿਊਜੀਜ਼ ਐਂਡ ਸਿਟੀਜ਼ਨਸ਼ਿਪ ਮੰਤਰੀ ਹੋਣਗੇ। ਅਹਿਮਦ ਹੁਸੈਨ ਤੋਂ ਹਾਊਸਿੰਗ ਮਹਿਕਮਾ ਲੈ ਲਿਆ ਗਿਆ ਹੈ ਤੇ ਉਨ੍ਹਾਂ ਨੂੰ ਇੰਟਰਨੈਸ਼ਨਲ ਡਿਵੈਲਪਮੈਂਟ ਮੰਤਰੀ ਨਿਯੁਕਤ ਕੀਤਾ ਗਿਆ ਹੈ। ਡਾਇਵਰਸਿਟੀ, ਇਨਕਲੂਜ਼ਨ ਐਂਡ ਪਰਸਨਜ਼ ਵਿੱਦ ਡਿਸਐਬਿਲਿਟੀ ਮੰਤਰੀ ਕਮਲ ਖਹਿਰਾ ਹੋਵੇਗੀ। ਇਸ ਦੇ ਨਾਲ ਹੀ ਮੈਰੀ ਕਲਾਡ ਬਿਬਿਊ ਨੂੰ ਨੈਸ਼ਨਲ ਰੈਵਨਿਊ ਮੰਤਰੀ ਥਾਪਿਆ ਗਿਆ ਹੈ। ਸਾਬਕਾ ਸੀਆਰਏ ਮੰਤਰੀ ਡਿਆਨੇ ਲੀਬੂਥੀਲੀਅਰ ਹੁਣ ਫਿਸ਼ਰੀਜ਼, ਓਸ਼ਨਜ਼ ਐਂਡ ਦ ਕੈਨੇਡੀਅਨ ਕੋਸਟ ਗਾਰਡ ਮੰਤਰੀ ਹੋਵੇਗੀ।

ਬੁੱਧਵਾਰ ਨੂੰ ਹੋਣ ਜਾ ਰਹੀ ਇਸ ਫੇਰਬਦਲ ਬਾਰੇ ਸੀਨੀਅਰ ਸਰਕਾਰੀ ਸੂਤਰਾਂ ਨੇ ਪਹਿਲਾਂ ਹੀ ਪੁਸ਼ਟੀ ਕਰ ਦਿੱਤੀ ਸੀ,ਉਸ ਮੁਤਾਬਕ ਹੀ ਸੱਤ ਮੰਤਰੀ ਕੈਬਨਿਟ ਤੋਂ ਬਾਹਰ ਹੋ ਗਏ ਹਨ, ਇਨ੍ਹਾਂ ਵਿੱਚ ਓਮਰ ਅਲਘਬਰਾ, ਜੌਇਸ ਮੁਰੇ, ਹੈਲੇਨਾ ਜੈਕਜ਼ੈਕ, ਕੈਰੋਲਿਨ ਬੈਨੇਟ, ਮਾਰਕੋ ਮੈਂਡੀਸਿਨੋ, ਡੇਵਿਡ ਲਾਮੇਟੀ ਤੇ ਮੋਨਾ ਫੋਰਟੀਅਰ ਸ਼ਾਮਲ ਹਨ।

ਇਨ੍ਹਾਂ ਦੀ ਥਾਂ ਸੱਤ ਨਵੇਂ ਰੰਗਰੂਟ ਐਮਪੀਜ਼ ਨੂੰ ਮੰਤਰੀ ਨਿਯੁਕਤ ਕੀਤਾ ਗਿਆ ਹੈ। ਸਕਾਰਬਰੋ-ਰੂਜ਼ ਪਾਰਕ ਤੋਂ ਐਮਪੀ ਗੈਰੀ ਆਨੰਦਸਾਂਗਰੀ ਨੂੰ ਕ੍ਰਾਊਨ-ਇੰਡੀਜੀਨਸ ਰਿਲੇਸ਼ਨਜ਼ ਮੰਤਰੀ ਨਿਯੁਕਤ ਕੀਤਾ ਗਿਆ ਹੈ। ਪਾਰਕਡੇਲ-ਹਾਈ ਪਾਰਕ ਤੋਂ ਐਮਪੀ ਆਰਿਫ ਵਿਰਾਨੀ ਨੂੰ ਮਨਿਸਟਰ ਆਫ ਜਸਟਿਸ ਐਂਡ ਅਟਾਰਨੀ ਜਨਰਲ ਨਿਯੁਕਤ ਕੀਤਾ ਗਿਆ ਹੈ। ਇਸੇ ਤਰ੍ਹਾਂ ਬਰਨਾਬੀ ਨੌਰਥ-ਸ਼ੇਅਰਮ,ਬੀਸੀ ਤੋਂ ਐਮਪੀ ਟੈਰੀ ਬੀਚ ਨੂੰ ਸਿਟੀਜ਼ਨਜ਼ ਸਰਵਿਸਿਜ਼ ਮੰਤਰੀ ਦਾ ਨਵਾਂ ਅਹੁਦਾ ਦਿੱਤਾ ਗਿਆ ਹੈ। ਹੋਚੇਲਗਾ, ਕਿਊਬਿਕ ਤੋਂ ਐਮਪੀ ਸੋਰਾਇਆ ਮਾਰਟੀਨੇਜ ਫੇਰਾਡਾ ਟੂਰਿਜ਼ਮ ਮੰਤਰੀ ਹੋਵੇਗੀ ਤੇ ਇਸ ਦੇ ਨਾਲ ਹੀ ਉਹ ਕਿਊਬਿਕ ਇਕਨੌਮਿਕ ਡਿਵੈਲਪਮੈਂਟ ਏਜੰਸੀ ਦੀ ਜ਼ਿੰਮੇਵਾਰੀ ਵੀ ਨਿਭਾਵੇਗੀ।

ਯੌਰਕ ਸੈਂਟਰ, ਓਨਟਾਰੀਓ ਤੋਂ ਐਮਪੀ ਯਾਰਾ ਸਾਕਸ ਮੈਂਟਲ ਹੈਲਥ ਐਂਡ ਅਡਿਕਸ਼ਨਜ਼ ਮੰਤਰੀ ਹੋਵੇਗੀ। ਕਨਾਟਾ-ਕਾਰਲਟਨ ਤੋਂ ਐਮਪੀ ਜੈਨਾ ਸੱਡਜ਼ ਨੂੰ ਮਨਿਸਟਰ ਆਫ ਫੈਮਿਲੀਜ਼, ਚਿਲਡਰਨ ਐਂਡ ਸੋਸ਼ਲ ਡਿਵੈਲਪਮੈਂਟ ਨਿਯੁਕਤ ਕੀਤਾ ਗਿਆ ਹੈ। ਮਿਸੀਸਾਗਾ-ਸਟਰੀਟਸਵਿੱਲ ਤੋਂ ਐਮਪੀ ਰੇਚੀ ਵਾਲਡੇਜ਼ ਨੂੰ ਮਨਿਸਟਰ ਆਫ ਸਮਾਲ ਬਿਜ਼ਨਸਿਜ਼ ਬਣਾਇਆ ਗਿਆ ਹੈ।

ਜ਼ਿਕਰਯੋਗ ਹੈ ਕਿ ਪਹਿਲਾਂ ਚਾਰ ਮੰਤਰੀਆਂ ਨੇ ਇਹ ਐਲਾਨ ਕੀਤਾ ਸੀ ਕਿ ਉਹ ਦੁਬਾਰਾ ਚੋਣਾਂ ਵਿੱਚ ਖੜ੍ਹੇ ਨਹੀਂ ਹੋਣਾ ਚਾਹੁੰਦੇ ਪਰ ਬਾਅਦ ਵਿੱਚ ਬੁੱਧਵਾਰ ਨੂੰ ਹੀ ਫੋਰਟੀਅਰ ਤੇ ਮੈਂਡੀਸਿਨੋ ਨੇ ਇਹ ਆਖਿਆ ਕਿ ਉਹ ਮੁੜ ਚੋਣਾਂ ਵਿੱਚ ਖੜ੍ਹੇ ਹੋ ਸਕਦੇ ਹਨ। ਲਾਮੇਟੀ ਨੇ ਇਸ ਸਵਾਲ ਬਾਰੇ ਕੋਈ ਜਵਾਬ ਹੀ ਨਹੀਂ ਦਿੱਤਾ। ਇਸ ਉੱਤੇ ਜਦੋਂ ਟਰੂਡੋ ਨੂੰ ਪੁੱਛਿਆ ਗਿਆ ਕਿ ਇਨ੍ਹਾਂ ਤਿੰਨਾਂ ਮੰਤਰੀਆਂ ਨੂੰ ਕੋਈ ਮਹਿਕਮਾ ਕਿਉਂ ਨਹੀਂ ਦਿੱਤਾ ਗਿਆ ਤਾਂ ਟਰੂਡੋ ਨੇ ਆਖਿਆ ਕਿ ਉਹ ਸੰਭਾਵੀ ਤੌਰ ਉੱਤੇ ਮਜ਼ਬੂਤ ਤੇ ਦਮਦਾਰ ਟੀਮ ਅੱਗੇ ਲਿਆਉਣੀ ਚਾਹੁੰਦੇ ਹਨ, ਜਿਨ੍ਹਾਂ ਵਿੱਚ ਫਰੈਸ਼ ਐਨਰਜੀ ਹੋਵੇ ਤੇ ਜਿਨ੍ਹਾਂ ਕੋਲ ਕਈ ਤਰ੍ਹਾਂ ਦੇ ਹੁਨਰ ਹੋਣ।

ਇਸ ਸਾਰੀ ਫੇਰਬਦਲ ਦੀ ਪ੍ਰਕਿ-ਰਆ ਵਿੱਚ ਸਿਰਫ ਅੱਠ ਮੰਤਰੀਆਂ ਨੂੰ ਹਿਲਾਇਆ ਨਹੀਂ ਗਿਆ ਤੇ ਇਨ੍ਹਾਂ ਦੇ ਨਾਂ ਤੇ ਅਹੁਦੇ ਹੇਠ ਲਿਖੇ ਅਨੁਸਾਰ ਹਨ :

- Deputy Prime Minister and Finance Minister Chrystia Freeland;
- Minister of Innovation, Science and Industry Francois-Philippe Champagne;
- Foreign Affairs Minister Melanie Joly;
- Environment and Climate Change Minister Steven Guilbeault;
- Indigenous Services Minister Patty Hajdu;
- Women and Gender Equality and Youth Minister Marci Ien;
- Minister of Northern Affairs Dan Vandal, who also oversees Prairie economic development; and
- Minister Filomena Tassi who is responsible for the Federal Economic Development Agency for Southern Ontario.

# ਆਟੋਮੋਬਿਲਜ਼ ਸ਼ੌਪਜ਼ ਉੱਤੇ ਚੋਰੀਆਂ ਕਰਨ ਵਾਲੇ 4 ਵਿਅਕਤੀ ਗ੍ਰਿਫਤਾਰ



ਟੋਰਾਂਟੋ, 26 ਜੁਲਾਈ (ਪੋਸਟ ਬਿਊਰੋ): ਗ੍ਰੇਟਰ ਟੋਰਾਂਟੋ ਏਰੀਆ (ਜੀਟੀਏ) ਵਿੱਚ ਆਟੋਮੋਬਿਲ ਸ਼ੌਪਜ਼ ਨੂੰ ਨਿਸ਼ਾਨਾ ਬਣਾ ਕੇ ਚੋਰੀਆਂ ਕਰਨ ਵਾਲੇ ਚਾਰ ਵਿਅਕਤੀਆਂ ਨੂੰ ਪੀਲ ਰੀਜਨਲ ਪੁਲਿਸ ਵੱਲੋਂ ਗ੍ਰਿਫਤਾਰ ਕੀਤਾ ਗਿਆ ਹੈ।

ਜਾਂਚਕਾਰਾਂ ਨੇ ਦੱਸਿਆ ਕਿ ਇਨ੍ਹਾਂ ਚੋਰਾਂ ਵੱਲੋਂ ਕਾਰਾਂ ਦੇ ਪਾਰਟਸ ਚੋਰੀ ਕੀਤੇ ਜਾਂਦੇ ਸਨ ਤੇ ਇਹ ਵੀ ਮੰਨਿਆ ਜਾ ਰਿਹਾ ਹੈ ਕਿ ਇਨ੍ਹਾਂ ਦੀ ਵਰਤੋਂ ਗੈਰਕਾਨੂੰਨੀ ਸਟਰੀਟ ਰੇਸਿੰਗ ਰਿੰਗਜ਼ ਵੱਲੋਂ ਕੀਤੀ ਜਾਂਦੀ ਸੀ। ਪੀਲ ਰੀਜਨਲ ਪੁਲਿਸ ਨੇ ਆਖਿਆ ਕਿ ਜੀਟੀਏ ਭਰ ਲਈ ਉਨ੍ਹਾ ਵੱਲੋਂ ਸਰਚ ਵਾਰੰਟ ਕਢਵਾਏ ਗਏ ਤੇ ਫਿਰ ਯੌਰਕ ਰੀਜਨਲ ਪੁਲਿਸ ਤੇ ਟੋਰਾਂਟੋ ਪੁਲਿਸ ਦੀ ਮਦਦ ਨਾਲ ਛਾਪੇਮਾਰੀ ਕਰਕੇ ਇਨ੍ਹਾਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ।

ਚੋਰੀ ਕੀਤੀਆਂ ਗਈਆਂ ਆਈਟਮਾਂ ਵਿੱਚ ਦੋ ਗੱਡੀਆਂ ਵੀ ਬਰਾਮਦ ਹੋਈਆਂ ਹਨ। ਪੁਲਿਸ ਵੱਲੋਂ ਇਸ ਨੂੰ ਪ੍ਰੋਜੈਕਟ ਇਰੇਂਜ ਦਾ ਨਾਂ ਦਿੱਤਾ ਗਿਆ ਸੀ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਵਿੱਚ ਤਿੰਨ ਪੁਰਸ਼ ਤੇ ਇੱਕ ਮਹਿਲਾ ਸ਼ਾਮਲ ਹੈ। ਇਨ੍ਹਾਂ ਵਿੱਚ ਬੋਅਮਨਵਿੱਲ, ਓਨਟਾਰੀਓ ਦਾ 27 ਸਾਲਾ ਡੇਵਾਂਤੇ ਡੌਨਲਡਸਨ, ਬਰੈਂਪਟਨ ਦਾ 26 ਸਾਲਾ ਵਰਨੈਸੀਓ ਗਾਰਡਨਰ, ਬਰੈਂਪਟਨ ਦਾ 20 ਸਾਲਾ ਬ੍ਰਿਸ਼ੌਨ ਜੇਅਡੀਕ ਮਿੱਲਜ਼ ਅਤੇ ਬੋਅਮਨਵਿੱਲ ਦੀ 22 ਸਾਲਾ ਟੇਲਰ ਲੀਅ ਸ਼ਾਮਲ ਹਨ। ਇਨ੍ਹਾਂ ਉੱਤੇ ਕਈ ਤਰ੍ਹਾਂ ਦੇ ਚਾਰਜਿਜ਼ ਲਾਏ ਗਏ ਹਨ।

## ਅੱਜ ਨਾਮਾ

ਦਿੱਤਾ ਬਿਆਨ ਕਈ ਵਾਰ ਅਕਾਲੀਆਂ ਨੇ,
ਫਿਰ ਤੋਂ ਜਾਣਾ ਨਹੀਂ ਭਾਜਪਾ ਨਾਲ ਬੇਲੀ।
ਅਸਾਂ ਨੂੰ ਲੋੜ ਨਾ ਇਹੋ ਜਿਹੇ ਸਾਥੀਆਂ ਦੀ,
ਬਸਪਾ ਬੜੀ ਤਕੜੀ ਆ ਭਾਈਵਾਲ ਬੇਲੀ।
ਸ਼ੋਸ਼ੇ ਛੱਡਣ ਦਿਉ, ਜਿਨ੍ਹਾਂ ਵੀ ਛੱਡਣੇ ਆ,
ਏਦਾਂ ਦੀ ਚੱਲਣੀ ਕੋਈ ਨਹੀਂ ਚਾਲ ਬੇਲੀ।
ਮੁੜ-ਮੁੜ ਦਿੱਲੀ ਤੋਂ ਸੁਣੀਂਦੇ ਨਿੱਤ ਚਰਚੇ,
ਮਿਲ ਗਿਆਅੰਦਰੋਂ ਸੁਰਾਂ ਦਾ ਤਾਲ ਬੇਲੀ।
ਲੁਕਦੀ ਗੱਲ ਨਹੀਂ ਲੁਕਵੀਆਂ ਬੈਠਕਾਂ ਦੀ,
ਨਿਕਲਦੀ ਬਾਹਰ ਸਭਪਈਭੜਾਸ ਬੇਲੀ।
ਆਸਾ ਜੀਵੇ, ਨਿਰਾਸੇ ਲਈ ਮੌਤ ਸੁਣਿਆ,
ਅਕਾਲੀ ਲੀਡਰਾਂ ਨੂੰ ਇਹੀਉ ਆਸ ਬੇਲੀ।

**ਤੀਸ ਮਾਰ ਖਾਂ**

# ਓਸ਼ਵਾ ਦੇ ਘਰ ਵਿੱਚ ਲੱਗੀ ਅੱਗ, ਦੋ ਜ਼ਖ਼ਮੀ



ਓਸ਼ਵਾ, 26 ਜੁਲਾਈ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਓਸ਼ਵਾ ਦੇ ਇੱਕ ਘਰ ਵਿੱਚ ਅੱਗ ਲੱਗ ਗਈ। ਅੱਗ ਉੱਤੇ ਕਾਬੂ ਪਾਉਣ ਲਈ ਫਾਇਰ ਸਰਵਿਸਿਜ਼ ਵੱਲੋਂ ਪੂਰੀ ਮਸ਼ੱਕਤ ਖਬਰ ਲਿਖੇ ਜਾਣ ਤੱਕ ਕੀਤੀ ਜਾ ਰਹੀ ਸੀ।


ਓਸ਼ਵਾ ਫਾਇਰ ਸਰਵਿਸਿਜ਼ ਵੱਲੋਂ ਕੀਤੇ ਗਏ ਟਵੀਟ ਅਨੁਸਾਰ ਓਸ਼ਵਾ, ਓਨਟਾਰੀਓ ਵਿੱਚ ਵਿਲਸਨ ਰੋਡ ਤੇ ਬਲੂਅਰ ਸਟਰੀਟ ਉੱਤੇ ਸਥਿਤ ਇੱਕ ਘਰ ਵਿੱਚ ਲੱਗੀ ਅੱਗ ਉੱਤੇ ਕਾਬੂ ਪਾਉਣ ਲਈ ਫਾਇਰਫਾਈਟਰਜ਼ ਪੂਰਾ ਜ਼ੋਰ ਲਾ ਰਹੇ ਹਨ। ਦਰਹਾਮ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਦੋ ਬਾਲਗਾਂ ਨੂੰ ਕੁੱਝ ਸੱਟਾਂ ਲੱਗੀਆਂ।

ਫਾਇਰ ਸਰਵਿਸਿਜ਼ ਵੱਲੋਂ ਸਥਾਨਕ ਰੈਜ਼ੀਡੈਂਟਸ ਨੂੰ ਇਸ ਇਲਾਕੇ ਵਿੱਚ ਨਾ ਜਾਣ ਦੀ ਹਦਾਇਤ ਦਿੱਤੀ ਗਈ ਹੈ। ਅੱਗ ਉੱਤੇ ਕਾਬੂ ਪਾਉਣ ਦੀਆਂ ਕੋਸ਼ਿਸ਼ਾਂ ਜਾਰੀ ਸਨ।




















# ਆਸਟ੍ਰੇਲੀਆ ਦੇ ਸਮੁੰਦਰੀ ਤੱਟ 'ਤੇ ਫਸੀਆਂ 100 ਦੇ ਕਰੀਬ ਪਾਇਲਟ ਵ੍ਹੇਲਾਂ, 51 ਦੀ ਹੋਈ ਮੌਤ, 46 ਦਾ ਬਚਾਅ ਜਾਰੀ







ਕੈਨਬਰਾ, 26 ਜੁਲਾਈ (ਪੋਸਟ ਬਿਊਰੋ): ਆਸਟ੍ਰੇਲੀਆ ਦੇ ਸਮੁੰਦਰੀ ਤੱਟ 'ਤੇ ਬੁੱਧਵਾਰ ਸਵੇਰੇ 51 ਪਾਇਲਟ ਵ੍ਹੇਲਾਂ ਦੀ ਮੌਤ ਹੋ ਗਈ। ਆਸਟ੍ਰੇਲੀਆ ਦੀ ਪਾਰਕਸ ਐਂਡ ਵਾਈਲਡਲਾਈਫ ਸਰਵਿਸ ਨੇ ਕਿਹਾ ਕਿ ਮੰਗਲਵਾਰ ਨੂੰ ਦੇਸ਼ ਦੇ ਪੱਛਮ ਵਿਚ ਚੀਨਾਸ ਬੀਚ 'ਤੇ ਲਗਭਗ 100 ਪਾਇਲਟ ਵ੍ਹੇਲ ਪਹੁੰਚੀਆਂ ਸਨ। ਇੱਥੇ ਰਾਤ ਨੂੰ 51 ਵ੍ਹੇਲ ਮੱਛੀਆਂ ਦੀ ਮੌਤ ਹੋ ਗਈ। ਉਨ੍ਹਾਂ ਕਿਹਾ ਕਿ ਅਸੀਂ ਕਰੀਬ 46 ਵ੍ਹੇਲ ਮੱਛੀਆਂ ਨੂੰ ਡੂੰਘੇ ਪਾਣੀ 'ਚ ਜਿਉਂਦਾ ਭੇਜਣ ਦੀ ਕੋਸ਼ਿਸ਼ ਕਰ ਰਹੇ ਹਾਂ।

ਦਿ ਗਾਰਡੀਅਨ ਦੀ ਰਿਪੋਰਟ ਅਨੁਸਾਰ, ਪਾਇਲਟ ਵ੍ਹੇਲਾਂ ਦੇ ਇੱਕ ਸਮੂਹ ਨੂੰ ਮੰਗਲਵਾਰ ਸਵੇਰੇ ਅਲਬਾਨੀ ਤੋਂ 60 ਕਿਲੋਮੀਟਰ ਪੂਰਬ ਵਿੱਚ ਚੇਏਨਸ ਬੀਚ ਦੇ ਨੇੜੇ ਤੈਰਦੇ ਦੇਖਿਆ ਗਿਆ। ਇਸ ਤੋਂ ਬਾਅਦ ਸ਼ਾਮ ਤੱਕ ਵ੍ਹੇਲ ਮੱਛੀਆਂ ਦਾ ਸਮੂਹ ਸਮੁੰਦਰ ਦੇ ਕਿਨਾਰੇ ਪਹੁੰਚਣਾ ਸ਼ੁਰੂ ਹੋ ਗਿਆ ਅਤੇ ਸ਼ਾਮ ਤੱਕ ਪੂਰਾ ਬੀਚ ਵ੍ਹੇਲ ਮੱਛੀਆਂ ਨਾਲ ਭਰ ਗਿਆ। ਇਹ ਵ੍ਹੇਲ ਮੱਛੀਆਂ ਰਾਤ ਭਰ ਕੰਢੇ 'ਤੇ ਫਸੀਆਂ ਰਹੀਆਂ।

ਸਮੁੰਦਰੀ ਜੀਵਨ ਦੇ ਮਾਹਿਰਾਂ ਨੇ ਕਿਹਾ ਕਿ ਵ੍ਹੇਲ ਮੱਛੀਆਂ ਦਾ ਅਚਾਨਕ ਤੱਟ 'ਤੇ ਪਹੁੰਚਣਾ ਅਸਾਧਾਰਨ ਹੈ। ਇਹ ਕਿਸੇ ਬਿਮਾਰੀ ਦੇ ਫੈਲਣ ਦਾ ਸੰਕੇਤ ਵੀ ਹੋ ਸਕਦਾ ਹੈ। ਹਾਲਾਂਕਿ ਤੱਟ 'ਤੇ ਇੰਨੀ ਵੱਡੀ ਗਿਣਤੀ 'ਚ ਵ੍ਹੇਲ ਮੱਛੀਆਂ ਦੇ ਅਚਾਨਕ ਆਉਣ ਦਾ ਸਹੀ ਕਾਰਨ ਹਾਲੇ ਸਾਹਮਣੇ ਨਹੀਂ ਆਇਆ ਹੈ।

ਵ੍ਹੇਲ ਮੱਛੀਆਂ ਦੇ ਸਮੂਹ ਦੇ ਕਿਨਾਰੇ 'ਤੇ ਪਹੁੰਚਣ ਤੋਂ ਪਹਿਲਾਂ ਸਮੁੰਦਰੀ ਮਾਹਿਰਾਂ ਅਤੇ ਵਲੰਟੀਅਰਾਂ ਨੇ ਬੀਚ ਦੇ ਨੇੜੇ ਰਾਤ ਭਰ ਡੇਰੇ ਲਾਏ। ਇਸ ਟੀਮ ਵਿੱਚ ਪਰਥ ਚਿੜੀਆਘਰ ਦੇ ਡਾਕਟਰ, ਮਾਹਿਰ ਜਹਾਜਾਂ ਅਤੇ ਸਲਿੰਗਜ਼ ਸਮੇਤ ਹੋਰ ਸਾਰੇ ਸਾਜ਼ੋ-ਸਾਮਾਨ ਦੇ ਨਾਲ ਮੌਜੂਦ ਸਨ।

# ਇਜ਼ਰਾਈਲ ਵਿਚ ਨੇਤਨਯਾਹੂ ਖਿਲਾਫ ਪ੍ਰਦਰਸ਼ਨ, ਸੁਪਰੀਮ ਕੋਰਟ ਦੀ ਸ਼ਕਤੀ ਘਟਾਉਣ ਦਾ ਵਿਰੋਧ



ਤਲਅਵੀਵ, 26 ਜੁਲਾਈ (ਪੋਸਟ ਬਿਊਰੋ): ਇਜ਼ਰਾਈਲ ਵਿਚ ਸੋਮਵਾਰ ਨੂੰ ਪਾਸ ਕੀਤੇ ਗਏ ਜੁਡੀਸ਼ੀਅਲ ਓਵਰਹਾਲ ਬਿੱਲ ਖਿਲਾਫ ਦੇਸ਼ ਭਰ ਵਿਚ ਪ੍ਰਦਰਸ਼ਨ ਜਾਰੀ ਹਨ। ਨਵੇਂ ਕਾਨੂੰਨੀ ਬਦਲਾਅ ਤਹਿਤ ਹੁਣ ਇਜ਼ਰਾਈਲ ਦੀ ਸੁਪਰੀਮ ਕੋਰਟ ਸਰਕਾਰ ਦੇ ਕਿਸੇ ਵੀ ਫੈਸਲੇ ਨੂੰ ਗਲਤ ਦੱਸ ਕੇ ਰੱਦ ਨਹੀਂ ਕਰ ਸਕੇਗੀ। ਇਜ਼ਰਾਇਲੀ ਬਾਰ ਐਸੋਸੀਏਸ਼ਨ ਨੇ ਮੰਗਲਵਾਰ ਨੂੰ ਹਾਈਕੋਰਟ ਆਫ ਜਸਟਿਸ ਵਿਚ ਇਸ ਖਿਲਾਫ ਪਟੀਸ਼ਨ ਦਾਇਰ ਕੀਤੀ ਹੈ।

ਮੰਗਲਵਾਰ ਨੂੰ ਇਜ਼ਰਾਈਲ ਦੇ ਡਾਕਟਰਾਂ ਦੀ ਮੈਡੀਕਲ ਐਸੋਸੀਏਸ਼ਨ ਨੇ ਬਿੱਲ ਦੇ ਵਿਰੋਧ ਵਿੱਚ 24 ਘੰਟੇ ਦੀ ਹੜਤਾਲ ਦਾ ਐਲਾਨ ਕੀਤਾ। ਯੇਰੂਸ਼ਲਮ ਪੋਸਟ ਮੁਤਾਬਕ ਲੇਬਰ ਕੋਰਟ ਨੇ ਉਨ੍ਹਾਂ ਦੀ ਹੜਤਾਲ 'ਤੇ ਰੋਕ ਲਗਾ ਦਿੱਤੀ ਸੀ, ਜਿਸ ਤੋਂ ਬਾਅਦ ਡਾਕਟਰ ਕੰਮ 'ਤੇ ਪਰਤ ਗਏ ਸਨ।

ਦੂਜੇ ਪਾਸੇ ਕ੍ਰੈਡਿਟ ਰੇਟਿੰਗ ਏਜੰਸੀ ਮੋਰਗਨ ਸਟੈਨਲੀ ਨੇ ਵਿਰੋਧ ਪ੍ਰਦਰਸ਼ਨਾਂ ਦਰਮਿਆਨ ਇਜ਼ਰਾਈਲ ਦੀ ਕ੍ਰੈਡਿਟ ਰੇਟਿੰਗ ਨੂੰ ਘਟਾ ਦਿੱਤਾ ਹੈ। ਇਸ ਦੇ ਨਾਲ ਹੀ ਯੂਰਪੀ ਸੰਘ ਅਤੇ ਬ੍ਰਿਟੇਨ ਨੇ ਕਿਹਾ ਹੈ ਕਿ ਇਜ਼ਰਾਈਲ 'ਚ ਨਿਆਂਪਾਲਿਕਾ ਦੀ ਆਜ਼ਾਦੀ ਦੀ ਰੱਖਿਆ ਕੀਤੀ ਜਾਣੀ ਚਾਹੀਦੀ ਹੈ। ਅਮਰੀਕਾ ਨੇ ਕਿਹਾ ਹੈ ਕਿ ਲੋਕਤੰਤਰ ਵਿੱਚ ਵੱਡੇ ਬਦਲਾਅ ਲਈ ਵਿਆਪਕ ਸਹਿਮਤੀ ਹੋਣੀ ਚਾਹੀਦੀ ਹੈ।

ਇਜ਼ਰਾਈਲ ਵਿਚ 29 ਹਫਤਿਆਂ ਤੋਂ ਚੱਲ ਰਹੇ ਵਿਰੋਧ ਪ੍ਰਦਰਸ਼ਨ ਦੇ ਬਾਵਜੂਦ ਸੋਮਵਾਰ ਨੂੰ ਜੁਡੀਸ਼ੀਅਲ ਓਵਰਹਾਲ ਬਿੱਲ ਦਾ ਵੱਡਾ ਹਿੱਸਾ ਪਾਸ ਹੋ ਗਿਆ। ਬਿੱਲ 'ਤੇ ਵੋਟਿੰਗ ਦੌਰਾਨ ਹਜ਼ਾਰਾਂ ਇਜ਼ਰਾਈਲੀ ਤਲਅਵੀਵ ਦੀਆਂ ਸੜਕਾਂ 'ਤੇ ਪ੍ਰਦਰਸ਼ਨ ਕਰਦੇ ਰਹੇ। ਉਨ੍ਹਾਂ ਕਿਹਾ ਕਿ ਬੈਂਜਾਮਿਨ ਨੇਤਨਯਾਹੂ ਹੁਣ ਰੂਸੀ ਰਾਸ਼ਟਰਪਤੀ ਪੁਤਿਨ ਵਰਗੇ ਬਣ ਗਏ ਹਨ। ਉਹ ਦੇਸ਼ ਨੂੰ ਤਾਨਾਸ਼ਾਹੀ ਵੱਲ ਧੱਕ ਰਹੇ ਹਨ।

# ਗ੍ਰੀਸ ਵਿਚ ਜੰਗਲ ਨੂੰ ਲੱਗੀ ਅੱਗ, ਅੱਗ ਬੁਝਾਉਣ ਗਿਆ ਜਹਾਜ਼ ਹੋਇਆ ਕ੍ਰੈਸ਼, 2 ਪਾਇਲਟਾਂ ਦੀ ਮੌਤ



ਈਵੀਆ, 26 ਜੁਲਾਈ (ਪੋਸਟ ਬਿਊਰੋ): ਗ੍ਰੀਸ ਦੇ ਈਵੀਆ ਵਿਚ ਜੰਗਲ ਦੀ ਅੱਗ ਨੂੰ ਬੁਝਾਅ ਰਿਹਾ ਇੱਕ ਜਹਾਜ਼ ਕਰੈਸ਼ ਹੋ ਗਿਆ ਅਤੇ ਜ਼ਮੀਨ 'ਤੇ ਡਿੱਗ ਗਿਆ। ਇਸ ਹਾਦਸੇ ਵਿੱਚ ਜਹਾਜ਼ ਵਿਚ ਸਵਾਰ ਦੋਵੇਂ ਪਾਇਲਟਾਂ ਦੀ ਮੌਤ ਹੋ ਗਈ।

ਜਾਣਕਾਰੀ ਮੁਤਾਬਕ ਸੀਐੱਲ-215 ਜਹਾਜ਼ ਈਵੀਆ ਵਿਚ ਜੰਗਲ ਦੀ ਅੱਗ ਬੁਝਾਅ ਰਿਹਾ ਸੀ। ਇਸ ਦੌਰਾਨ ਜਹਾਜ਼ ਦਾ ਖੰਭ ਇੱਕ ਦਰੱਖਤ ਵਿਚ ਫਸ ਗਿਆ। ਥੋੜ੍ਹੀ ਦੇਰ ਬਾਅਦ ਜਹਾਜ਼ ਅੱਗ ਦੀ ਲਪੇਟ ਵਿਚ ਆ ਕੇ ਜ਼ਮੀਨ 'ਤੇ ਡਿੱਗ ਗਿਆ।

# ਬੀਐੱਸਐੱਫ ਦੇ ਜਵਾਨ ਨੇ ਮਣੀਪੁਰ ਵਿਚ ਮਹਿਲਾ ਨਾਲ ਕੀਤੀ ਛੇੜਛਾੜ, ਵੀਡੀਓ ਵਾਇਰਲ ਹੋਣ ਤੋਂ ਬਾਅਦ ਕੀਤਾ ਮੁਅੱਤਲ, ਮਾਮਲਾ ਦਰਜ



ਇੰਫਾਲ, 26 ਜੁਲਾਈ (ਪੋਸਟ ਬਿਊਰੋ): ਮਨੀਪੁਰ ਹਿੰਸਾ ਦੌਰਾਨ ਔਰਤ ਨਾਲ ਛੇੜਛਾੜ ਦਾ ਇੱਕ ਹੋਰ ਵੀਡੀਓ ਸਾਹਮਣੇ ਆਇਆ ਹੈ। ਇਸ ਵਿੱਚ ਇੱਕ ਬੀਐਸਐਫ ਜਵਾਨ ਇੱਕ ਕਰਿਆਨੇ ਦੀ ਦੁਕਾਨ 'ਤੇ ਇੱਕ ਔਰਤ ਨਾਲ ਛੇੜਛਾੜ ਕਰਦਾ ਨਜ਼ਰ ਆ ਰਿਹਾ ਹੈ। ਇਹ ਵੀਡੀਓ ਇੰਫਾਲ ਦਾ 20 ਜੁਲਾਈ ਦਾ ਦੱਸਿਆ ਜਾ ਰਿਹਾ ਹੈ।

ਜਾਣਕਾਰੀ ਮੁਤਾਬਕ ਦੋਸ਼ੀ ਦੀ ਪਹਿਚਾਣ ਹੈੱਡ ਕਾਂਸਟੇਬਲ ਸਤੀਸ਼ ਪ੍ਰਸਾਦ ਵਜੋਂ ਹੋਈ ਹੈ। ਘਟਨਾ ਦੇ ਸਾਹਮਣੇ ਆਉਣ ਤੋਂ ਬਾਅਦ ਬੀਐੱਸਐੱਫ ਨੇ ਮੁਲਜ਼ਮ ਨੂੰ ਮੁਅੱਤਲ ਕਰ ਦਿੱਤਾ ਅਤੇ ਉਸ ਖਿਲਾਫ਼ ਕੇਸ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

ਵਾਇਰਲ ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਵਰਦੀ ਵਾਲਾ ਜਵਾਨ ਇਕ ਔਰਤ ਨੂੰ ਜ਼ਬਰਦਸਤੀ ਛੂਹਣ ਦੀ ਕੋਸ਼ਿਸ਼ ਕਰ ਰਿਹਾ ਹੈ। ਜਵਾਨ ਕੋਲ ਰਾਈਫਲ ਵੀ ਹੈ। ਔਰਤ ਉਸ ਨੂੰ ਵਾਰ-ਵਾਰ ਰੋਕ ਰਹੀ ਹੈ, ਫਿਰ ਵੀ ਉਹ ਉਸ ਨਾਲ ਛੇੜਛਾੜ ਕਰ ਰਿਹਾ ਹੈ।

# ਸਾਬਕਾ ਕ੍ਰਿਕਟਰ ਯੁਵਰਾਜ ਦੀ ਮਾਂ ਤੋਂ ਮੰਗੀ 40 ਲੱਖ ਦੀ ਫਿਰੌਤੀ, ਇੱਕ ਲੜਕੀ ਕਾਬੂ



ਗੁਰੂਗ੍ਰਾਮ, 26 ਜੁਲਾਈ (ਪੋਸਟ ਬਿਊਰੋ): ਹਰਿਆਣਾ ਦੇ ਗੁਰੂਗ੍ਰਾਮ ਵਿਚ ਭਾਰਤੀ ਕ੍ਰਿਕਟ ਟੀਮ ਦੇ ਸਾਬਕਾ ਕ੍ਰਿਕਟਰ ਯੁਵਰਾਜ ਸਿੰਘ ਦੀ ਮਾਂ ਸ਼ਬਨਮ ਸਿੰਘ ਤੋਂ ਫਿਰੌਤੀ ਮੰਗਣ ਦਾ ਮਾਮਲਾ ਸਾਹਮਣੇ ਆਇਆ ਹੈ। ਮੰਗਲਵਾਰ ਨੂੰ 5 ਲੱਖ ਐਡਵਾਂਸ ਲੈਂਦਿਆਂ ਦੋਸ਼ੀ ਲੜਕੀ ਨੂੰ ਗੁਰੂਗ੍ਰਾਮ ਪੁਲਿਸ ਨੇ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਲੜਕੀ ਨੇ ਸ਼ਬਨਮ ਸਿੰਘ ਨੂੰ ਝੂਠੇ ਕੇਸ ਵਿੱਚ ਫਸਾਉਣ ਦੀ ਧਮਕੀ ਦੇ ਕੇ 40 ਲੱਖ ਰੁਪਏ ਦੀ ਮੰਗ ਕੀਤੀ ਸੀ।

ਯੁਵਰਾਜ ਸਿੰਘ ਦੀ ਮਾਂ ਸ਼ਬਨਮ ਨੇ ਗੁਰੂਗ੍ਰਾਮ ਦੇ ਡੀਐਲਐਫ ਫੇਜ਼ ਵੰਨ ਥਾਣੇ ਵਿੱਚ ਸ਼ਿਕਾਇਤ ਦਿੱਤੀ ਸੀ। ਜਿਸ ਵਿਚ ਉਨ੍ਹਾਂ ਨੇ ਦੱਸਿਆ ਕਿ ਸਾਲ 2022 ਵਿਚ ਯੁਵਰਾਜ ਸਿੰਘ ਦੇ ਛੋਟੇ ਭਰਾ ਜ਼ੋਰਾਵਰ ਸਿੰਘ ਲਈ ਹੇਮਾ ਕੌਸ਼ਿਕ ਉਰਫ ਡਿੰਪੀ ਨਾਂ ਦੀ ਕੇਅਰਟੇਕਰ ਰੱਖੀ ਗਈ ਸੀ ਕਿਉਂਕਿ ਜ਼ੋਰਾਵਰ ਸਿੰਘ ਪਿਛਲੇ 10 ਸਾਲਾਂ ਤੋਂ ਡਿਪ੍ਰੈਸ਼ਨ ਦਾ ਸ਼ਿਕਾਰ ਸੀ।

ਸ਼ਬਨਮ ਸਿੰਘ ਨੇ ਦੱਸਿਆ ਕਿ 20 ਦਿਨਾਂ ਦੇ ਅੰਦਰ-ਅੰਦਰ ਉਸ ਨੂੰ ਲੱਗਾ ਕਿ ਦੇਖਭਾਲ ਕਰਨ ਵਾਲੀ ਹੇਮਾ ਕੌਸ਼ਿਕ ਪੇਸ਼ੇਵਰ ਨਹੀਂ ਹੈ ਅਤੇ ਉਹ ਉਸ ਦੇ ਪੁੱਤਰ ਜ਼ੋਰਾਵਰ ਸਿੰਘ ਨੂੰ ਆਪਣੇ ਜਾਲ ਵਿਚ ਫਸਾ ਰਹੀ ਹੈ। ਇਸ ਕਾਰਨ ਹੇਮਾ ਕੌਸ਼ਿਕ ਨੂੰ ਨੌਕਰੀ ਤੋਂ ਕੱਢ ਦਿੱਤਾ ਗਿਆ।

ਇਸ ਤੋਂ ਬਾਅਦ ਮਈ 2023 'ਚ ਹੇਮਾ ਕੌਸ਼ਿਕ ਦੇ ਵਟਸਐਪ 'ਤੇ ਲਗਾਤਾਰ ਮੈਸੇਜ ਅਤੇ ਕਾਲ ਆਉਣ ਲੱਗੇ। ਹੇਮਾ ਨੇ ਧਮਕੀ ਦਿੱਤੀ ਕਿ ਜੇਕਰ ਪੈਸੇ ਨਾ ਦਿੱਤੇ ਤਾਂ ਉਹ ਉਨ੍ਹਾਂ ਦੇ ਪਰਿਵਾਰ ਨੂੰ ਝੂਠੇ ਕੇਸ 'ਚ ਫਸਾ ਕੇ ਉਨ੍ਹਾਂ ਨੂੰ ਬਦਨਾਮ ਕਰੇਗੀ। ਬਦਲੇ 'ਚ ਹੇਮਾ ਨੇ 40 ਲੱਖ ਰੁਪਏ ਦੀ ਮੰਗ ਕੀਤੀ।

ਯੁਵਰਾਜ ਦੀ ਮਾਂ ਨੇ ਦੱਸਿਆ ਕਿ 19 ਜੁਲਾਈ ਨੂੰ ਹੀ ਹੇਮਾ ਦਾ ਵਟਸਐਪ 'ਤੇ ਮੈਸੇਜ ਆਇਆ ਕਿ ਉਹ 23 ਜੁਲਾਈ ਨੂੰ ਉਸ ਦੇ ਖਿਲਾਫ ਕੇਸ ਦਰਜ ਕਰੇਗੀ। ਜਿਸ ਤੋਂ ਬਾਅਦ ਉਸਦੇ ਪੂਰੇ ਪਰਿਵਾਰ ਦੀ ਬਦਨਾਮੀ ਹੋ ਜਾਵੇਗੀ। ਇਸ 'ਤੇ ਉਸ ਨੇ ਏਨੀ ਵੱਡੀ ਰਕਮ ਇਕੱਠੀ ਕਰਨ ਲਈ ਹੇਮਾ ਤੋਂ ਸਮਾਂ ਮੰਗਿਆ।

ਇਸ ਤੋਂ ਬਾਅਦ ਸੋਮਵਾਰ ਤੱਕ 5 ਲੱਖ ਰੁਪਏ ਦੇਣ ਦਾ ਫੈਸਲਾ ਕੀਤਾ ਗਿਆ। ਇਸ 'ਤੇ ਮੰਗਲਵਾਰ ਨੂੰ ਜਦੋਂ ਹੇਮਾ ਕੌਸ਼ਿਕ 5 ਲੱਖ ਰੁਪਏ ਲੈਣ ਆਈ ਤਾਂ ਪੁਲਸ ਨੇ ਉਸ ਨੂੰ ਰੰਗੇ ਹੱਥੀਂ ਗ੍ਰਿਫਤਾਰ ਕਰ ਲਿਆ। ਹਾਲਾਂਕਿ, ਗੁਰੂਗ੍ਰਾਮ ਪੁਲਿਸ ਨੇ ਕੁਝ ਘੰਟਿਆਂ ਬਾਅਦ ਲੜਕੀ ਨੂੰ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ।

# ਅਮਰੀਕਾ ਨੇ ਕਿਹਾ: ਮਨੀਪੁਰ ਘਟਨਾ ਡਰਵਾਣੀ ਹੈ, ਪੀੜਤਾਂ ਨੂੰ ਇਨਸਾਫ ਦਿਵਾਉਣ ਲਈ ਭਾਰਤ ਸਰਕਾਰ ਨੂੰ ਸਾਡਾ ਸਮਰਥਨ



ਵਾਸ਼ਿੰਗਟਨ, 26 ਜੁਲਾਈ (ਪੋਸਟ ਬਿਊਰੋ): ਮਨੀਪੁਰ 'ਚ 3 ਮਈ ਨੂੰ ਸ਼ੁਰੂ ਹੋਈ ਦੋ ਭਾਈਚਾਰਿਆਂ ਵਿਚਾਲੇ ਹਿੰਸਾ ਅਜੇ ਵੀ ਜਾਰੀ ਹੈ। ਇਸ ਦੌਰਾਨ ਉੱਥੇ ਦੋ ਔਰਤਾਂ ਨਾਲ ਸਮੂਹਿਕ ਬਲਾਤਕਾਰ ਦੇ ਮਾਮਲੇ 'ਚ ਅਮਰੀਕਾ ਦੀ ਪ੍ਰਤੀਕਿਰਿਆ ਸਾਹਮਣੇ ਆਈ ਹੈ। ਅਮਰੀਕਾ ਨੇ ਇਸ ਮਾਮਲੇ ਨੂੰ ਡਰਾਉਣਾ ਅਤੇ ਹੈਰਾਨ ਕਰਨ ਵਾਲਾ ਦੱਸਿਆ ਹੈ।

ਅਮਰੀਕੀ ਵਿਦੇਸ਼ ਵਿਭਾਗ ਦੇ ਬੁਲਾਰੇ ਵੇਦਾਂਤ ਪਟੇਲ ਨੇ ਕਿਹਾ ਕਿ ਦੋ ਔਰਤਾਂ 'ਤੇ ਹਮਲੇ ਦਾ ਵੀਡੀਓ ਦੇਖ ਕੇ ਅਸੀਂ ਹੈਰਾਨ ਹਾਂ। ਅਸੀਂ ਘਟਨਾ ਦੇ ਪੀੜਤਾਂ ਪ੍ਰਤੀ ਆਪਣੀ ਡੂੰਘੀ ਹਮਦਰਦੀ ਪ੍ਰਗਟ ਕਰਦੇ ਹਾਂ ਅਤੇ ਉਨ੍ਹਾਂ ਨੂੰ ਨਿਆਂ ਦਿਵਾਉਣ ਲਈ ਭਾਰਤ ਸਰਕਾਰ ਦੇ ਯਤਨਾਂ ਦਾ ਸਮਰਥਨ ਕਰਦੇ ਹਾਂ।

ਪਟੇਲ ਨੇ ਕਿਹਾ ਕਿ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਸੀ ਕਿ ਔਰਤਾਂ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਿਸੇ ਵੀ ਸੱਭਿਅਕ ਸਮਾਜ ਵਿਚ ਸ਼ਰਮਨਾਕ ਹੈ। ਅਸੀਂ ਪਹਿਲਾਂ ਵੀ ਕਿਹਾ ਹੈ ਕਿ ਅਸੀਂ ਮਨੀਪੁਰ ਮੁੱਦੇ ਦੇ ਸ਼ਾਂਤੀਪੂਰਨ ਹੱਲ ਦੇ ਪੱਖ ਵਿਚ ਹਾਂ ਅਤੇ ਉਮੀਦ ਕਰਦੇ ਹਾਂ ਕਿ ਹਰ ਭਾਈਚਾਰੇ ਦੇ ਲੋਕਾਂ ਅਤੇ ਉਨ੍ਹਾਂ ਦੀ ਜਾਇਦਾਦ ਦੀ ਸੁਰੱਖਿਆ ਕੀਤੀ ਜਾਵੇਗੀ।


VENUE
HEART LAKE CONVERSATION PARK
SITE - LAKEMOUNT 4
Address: 10818 Heart Lake Rd,
Brampton, ON L6Z 0B3



Samrai Picnic
AUGUST 6, 2023

ਪਿੰਡ ਸਮਰਾਏ ਦੇ ਵਾਸੀਆਂ ਵਲੋਂ 6 ਅਗਸਤ ਨੂੰ ਪਿਕਨਿੱਕ

ਪਿੰਡ ਸਮਰਾਏ ਦੇ ਸਮੂਹ ਵਾਸੀਆਂ ਵਲੋਂ ਆਪਣੀ ਸਲਾਨਾ ਪਿਕਨਿਕ **06** ਅਗਸਤ ਦਿਨ ਐਤਵਾਰ ਨੂੰ ਹਾਰਟ ਲੇਕ ਕੰਜ਼੍ਵੇਸ਼ਨ ਪਾਰਕ ਵਿਖੇ ਠੀਕ ਦੁਪਿਹਰ 11 ਵਜ ਤੋਂ ਸ਼ਾਮ 6 ਵਜੇ ਤੱਕ ਮਨਾਈ ਜਾ ਰਹੀ ਹੈ । ਇਸ ਦੌਰਾਨ ਬੱਚਿਆਂ ਦੀਆਂ ਖੇਡਾਂ ਅਤੇ ਹੋਰ ਮਨੋਰੰਜਕ ਖੇਡਾਂ ਕਰਵਾਈਆਂ ਜਾਣਗੀਆਂ ਜਿਹਨਾਂ ਵਿਚ ਲੇਡੀਜ਼ ਲਈ 50 ਮੀਟਰ ਦੌੜ, ਬੋਰੀ ਰੇਸ ਅਤੇ ਤਿੰਨ ਟੰਗੀ ਰੇਸ ਵੀ ਸ਼ਾਮਲ ਹਨ । ਪ੍ਰਬੰਧਕਾਂ ਵਲੋਂ ਜੀਟੀਏ ਵਿਚ ਵੱਸਦੇ ਸਮੂਹ ਸਮਰਾਏ ਪਿੰਡ ਵਾਸੀਆਂ ਨੂੰ ਬੇਨਤੀ ਹੈ ਕਿ ਉਹ ਪਰਿਵਾਰਾਂ ਸਮੇਤ ਇਸ ਪਰਿਵਾਰਕ ਪਿਕਨਿਕ ਵਿਚ ਸ਼ਾਮਲ ਹੋਣ ਅਤੇ ਆਪਣੇ ਪਿੰਡ ਨਾਲ ਜੁੜੀਆਂ ਯਾਦਾਂ ਨੂੰ ਤਾਜਾ ਕਰਨ ।



People of Village. Samrai has organised a Picnic on **August 06, 2023, Sunday from 11 am to 6 pm.**
In the park various activities will be played such as **50 meter race, sack race, 3-legged race.**
We request you to accompany your childrens, parents, grandparents with you to recall old memories.

ਪਿਕਨਿੱਕ ਬਾਰੇ ਜਿਆਦਾ ਜਾਨਕਾਰੀ ਲਈ ਸੁਰਜੀਤ ਸਮਰਾ 289-828-2117, ਅਮਰਜੀਤ ਸਮਰਾ 416-939-8292 ਜਾਂ ਮੋਹੀਂਦਰ ਸਮਰਾ 416-271-8477 ਨੂੰ ਸੰਪ੍ਰਕ ਕੀਤਾ ਜਾ ਸਕਦਾ ਹੇ।



Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

$1,149,000

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

# ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਨੇ ਮਨਾਇਆ 'ਤੀਆਂ ਦਾ ਮੇਲਾ'









ਬਰੈਂਪਟਨ, (ਡਾ. ਝੰਡ) : ਦੋਸਤੀ ਅਤੇ ਸਾਂਝੀਵਾਲਤਾ ਨੂੰ ਪ੍ਰਨਾਈ ਬਰੈਂਪਟਨ ਦੀ 'ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ' ਨੇ ਲੰਘੇ ਸੋਮਵਾਰ 24 ਜੁਲਾਈ ਨੂੰ 'ਤੀਆਂ ਦਾ ਮੇਲਾ' ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ। ਉੱਤਰੀ ਭਾਰਤ ਦਾ ਸਮਾਜਿਕ ਤੇ ਸੱਭਿਆਚਾਰਕ ਤਿਓਹਾਰ 'ਤੀਆਂ' ਮਨ-ਪ੍ਰਚਾਵੇ, ਨੱਚਣ-ਕੁੱਦਣ, ਮੌਜ-ਮੇਲਾ ਮਨਾਉਣ ਅਤੇ ਮੂੰਹ 'ਚ ਪਾਣੀ ਲਿਆਉਣ ਵਾਲੇ ਖੀਰ-ਪੂੜੇ ਤੇ ਹੋਰ ਪਕਵਾਨਾਂ ਦੇ ਖਾਣ ਦਾ ਤਿਓਹਾਰ ਹੈ ਜਿੱਥੇ ਮੁਟਿਆਰਾਂ ਅਤੇ ਅਧੇੜ ਉਮਰ ਦੀਆਂ ਔਰਤਾਂ ਗਿੱਧੇ ਦੇ ਪਿੜ ਬੰਨ੍ਹ ਕੇ ਅਤੇ ਨੱਚ-ਕੁੱਦ ਕੇ ਆਪਣੇ ਦਿਲਾਂ ਦੇ ਵਲਵਲੇ ਸਾਂਝੇ ਕਰਦੀਆਂ ਹਨ।

ਪੰਜਾਬੀਆਂ ਅਤੇ ਉੱਤਰੀ ਭਾਰਤ ਦੇ ਹੋਰ ਸੂਬਿਆਂ ਦੇ ਲੋਕਾਂ ਵੱਲੋਂ ਵਿਦੇਸ਼ਾਂ ਵਿੱਚ ਆਉਣ ਨਾਲ ਇਹ ਤਿਉਹਾਰ ਹੁਣ ਇਨ੍ਹਾਂ ਦੇਸ਼ਾਂ ਵਿੱਚ ਵੀ ਓਸੇ ਹੀ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਵਿਦੇਸ਼ਾਂ ਵਿੱਚ ਤਾਂ ਇਹ ਵੱਖ-ਵੱਖ ਕਮਿਉਨਿਟੀਆਂ ਦੀ ਆਪਸੀ ਏਕਤਾ ਅਤੇ ਸਾਂਝੀਵਾਲਤਾ ਦਾ ਪ੍ਰਤੀਕ ਬਣ ਗਿਆ ਹੈ ਅਤੇ ਪੰਜਾਬੀ, ਗੁਜਰਾਤੀ, ਸਿੰਧੀ, ਮੁਸਲਿਮ ਤੇ ਹੋਰ ਕਮਿਉਨਿਟੀਆਂ ਦੇ ਲੋਕ ਮਿਲ ਕੇ ਇਹ ਤਿਓਹਾਰ ਮਨਾਉਂਦੇ ਹਨ।

ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਵੱਲੋਂ ਮਨਾਏ ਗਏ ਤੀਆਂ ਦੇ ਇਸ ਮੇਲੇ ਵਿੱਚ ਜਿੱਥੇ ਪੰਜਾਬਣਾਂ ਦੇ ਗਿੱਧੇ' ਦੀ ਰਵਾਇਤੀ ਰੰਗਤ ਵੇਖਣ ਨੂੰ ਮਿਲੀ, ਉੱਥੇ ਇਸ ਵਿਚ ਗੁਜਰਾਤੀ ਡਾਂਸ 'ਗਰਬਾ' ਵੀ ਓਨੀ ਹੀ ਖ਼ੂਬਸੂਰਤੀ ਨਾਲ ਪੇਸ਼ ਕੀਤਾ ਗਿਆ। ਮੇਲੇ ਵਿੱਚ ਖਾਣ-ਪੀਣ ਦੀਆਂ ਵਸਤਾਂ ਦੀ ਵਰਾਇਟੀ ਵੱਖਰੀ ਹੀ ਦਿੱਖ ਪੇਸ਼ ਕਰ ਰਹੀ ਸੀ। ਘਰਾਂ ਤੋਂ ਬਣਾ ਕੇ ਲਿਆਂਦੇ ਗਏ ਸ਼ਾਕਾਹਾਰੀ ਖਾਣਿਆਂ ਵਿੱਚ ਖੀਰ, ਪੂੜੇ, ਮਠਿਆਈਆਂ, ਕੋਲਡ-ਡਰਿੰਕਸ, ਆਦਿ ਤੋਂ ਇਲਾਵਾ ਗੁਜਰਾਤੀ ਖਾਣਿਆਂ ਦੀਆਂ ਕਈ ਵਰਾਇਟੀਆਂ ਸ਼ਾਮਲ ਸਨ। ਸਾਰਿਆਂ ਨੇ ਮਿਲ ਕੇ ਇਨ੍ਹਾਂ ਦਾ ਖ਼ੂਬ ਅਨੰਦ ਮਾਣਿਆਂ।

ਮੇਲੇ ਦੇ ਆਯੋਜਕਾਂ ਵਿੱਚ ਸ਼ਾਮਲ ਕਲੱਬ ਦੀ ਸਰਗ਼ਮ ਮੈਂਬਰ ਜਸਵਿੰਦਰ ਕੌਰ ਨੇ ਇਸ ਮੌਕੇ ਬੋਲਦਿਆਂ ਕਿਹਾ, "ਤੀਆਂ ਦੇ ਮੇਲੇ ਦੀ ਸਾਡੇ ਦਿਲਾਂ 'ਚ ਵਿਸ਼ੇਸ਼ ਮਹੱਤਤਾ ਹੈ ਕਿਉਂਕਿ ਇਹ ਕੇਵਲ ਸਾਡਾ ਸੱਭਿਆਚਾਰ ਵਿਰਸਾ ਹੀ ਨਹੀਂ ਹੈ, ਸਗੋਂ ਇਹ ਇੱਥੇ ਵੱਖ-ਵੱਖ ਕਮਿਉਂਨਿਟੀਆਂ ਵਿੱਚ ਏਕਤਾ ਅਤੇ ਸਾਂਝੀਵਾਲਤਾ ਦਾ ਪਸਾਰ ਕਰਦਾ ਹੈ ਜਿਸ ਦੀ ਅਜੋਕੇ ਸਮਾਜ ਵਿੱਚ ਅਤਿਅੰਤ ਜ਼ਰੂਰਤ ਹੈ। ਅਜਿਹੇ ਤਿਉਹਾਰਾਂ ਨੂੰ ਮਨਾ ਕੇ ਅਸੀਂ ਆਪਣੇ ਵੱਖ-ਵੱਖ ਤਜਰਬੇ ਸਾਂਝੇ ਕਰਦੇ ਹਾਂ ਅਤੇ ਇਕ ਦੂਸਰੇ ਦੇ ਰੀਤੀ-ਰਿਵਾਜਾਂ ਅਤੇ ਸੱਭਿਆਚਾਰਾਂ ਨਾਲ ਨੇੜੇ ਹੋ ਕੇ ਵਿਚਰਦੇ ਹਾਂ ਜਿਸ ਨਾਲ ਅਸੀਂ ਹੋਰ ਵੀ ਵਧੀਆ ਸਾਂਝੇ ਸਮਾਜ ਦੀ ਸਿਰਜਣਾ ਕਰ ਸਕਦੇ ਹਾਂ।"

ਇਸ ਤਰ੍ਹਾਂ ਤੀਆਂ ਦਾ ਇਹ ਤਿਓਹਾਰ ਵੱਖ-ਵੱਖ ਕਮਿਉਨਿਟੀਆਂ ਦਾ ਇੱਕ ਬਹੁਤ ਹੀ ਖ਼ੂਬਸੂਰਤ ਸਾਂਝਾ ਤਿਓਹਾਰ ਹੋ ਨਿਬੜਿਆ ਜਿਸ ਵਿਚ ਵੱਖ-ਵੱਖ ਪਿਛੋਕੜ ਦੇ ਲੋਕਾਂ ਨੇ ਮਿਲ ਕੇ ਅੰਦਰੂਨੀ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਅਤੇ ਇਸ ਦੇਸ਼ ਵਿੱਚ ਦੋਸਤੀ ਅਤੇ 'ਅਨੇਕਤਾ ਵਿੱਚ ਏਕਤਾ' ਦਾ ਮਹੱਤਵਪੂਰਨ ਸੁਨੇਹਾ ਦਿੱਤਾ। ਫ਼ਲਾਵਰ ਸਿਟੀ ਫ਼ਰੈਂਡਜ਼ ਕਲੱਬ ਇਸ ਮੇਲੇ ਵਿੱਚ ਸ਼ਮੂਲੀਅਤ ਕਰਨ ਵਾਲਿਆਂ, ਸਮੂਹ ਵਾਲੰਟੀਅਰਾਂ ਅਤੇ ਸਪਾਂਸਰਾਂ ਦੀ ਅਤੀ ਧੰਨਵਾਦੀ ਹੈ ਜਿਨ੍ਹਾਂ ਦੇ ਸਹਿਯੋਗ ਸਦਕਾ ਇਸ ਮੇਲੇ ਦੀ ਯਾਦ ਹਮੇਸ਼ਾ ਤਰੋ-ਤਾਜ਼ਾ ਰਹੇਗੀ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com




## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜ਼ਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਏਸ਼ੀਅਨ ਗੱਤਕਾ ਫੈਡਰੇਸ਼ਨ ਵੱਲੋਂ ਗੱਤਕੇ ਨੂੰ ਭਾਰਤ ਦੀਆਂ ਰਾਸ਼ਟਰੀ ਖੇਡਾਂ 'ਚ ਸ਼ਾਮਿਲ ਕਰਨ ਲਈ ਖੁਸ਼ੀ ਦਾ ਪ੍ਰਗਟਾਵਾ

ਚੰਡੀਗੜ੍ਹ, 26 ਜੁਲਾਈ (ਗਿਆਨ ਸਿੰਘ): ਵਿਸ਼ਵ ਗੱਤਕਾ ਫੈਡਰੇਸ਼ਨ ਤੋਂ ਮਾਨਤਾ ਪ੍ਰਾਪਤ ਏਸ਼ੀਅਨ ਗੱਤਕਾ ਫੈਡਰੇਸ਼ਨ ਨੇ ਭਾਰਤ ਦੀਆਂ 37ਵੀਆਂ ਰਾਸ਼ਟਰੀ ਖੇਡਾਂ ਵਿੱਚ ਗੱਤਕਾ ਖੇਡ ਨੂੰ ਸ਼ਾਮਲ ਕਰਨ ਲਈ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਹੈ ਕਿ ਇਹ ਮਾਨਤਾ ਮਿਲਣ ਨਾਲ ਹੁਣ ਵਿਦੇਸ਼ਾਂ ਵਿੱਚ ਵੀ ਗੱਤਕਾ ਖੇਡ ਨੂੰ ਪ੍ਰਫੁੱਲਤ ਕਰਨ ਵਿੱਚ ਮੱਦਦ ਮਿਲੇਗੀ ਅਤੇ ਇੱਕ ਮੁਕਾਬਲੇ ਵਾਲੀ ਖੇਡ ਵਜੋਂ ਮਾਨਤਾ ਦਿਵਾਉਣੀ ਸੁਖਾਲੀ ਹੋ ਜਾਵੇਗੀ।




ਇੱਕ ਬਿਆਨ ਵਿੱਚ ਏਸ਼ੀਅਨ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਜਸਵੰਤ ਸਿੰਘ ਗੋਗਾ ਨੇ ਕਿਹਾ ਕਿ ਇਸ ਪ੍ਰਾਪਤੀ ਨਾਲ ਵਿਸ਼ਵ ਭਰ ਦੇ ਗੱਤਕਾ ਖਿਡਾਰੀਆਂ, ਤਕਨੀਕੀ ਅਧਿਕਾਰੀਆਂ ਅਤੇ ਪ੍ਰਮੋਟਰਾਂ ਵਿੱਚ ਬਹੁਤ ਖੁਸ਼ੀ ਦੀ ਲਹਿਰ ਹੈ।

ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਅਤੇ ਵਿਸ਼ਵ ਗੱਤਕਾ ਫੈਡਰੇਸ਼ਨ ਵੱਲੋਂ ਗੱਤਕੇ ਨੂੰ ਉਤਸ਼ਾਹਿਤ ਕਰਨ ਲਈ ਕੀਤੇ ਜਾ ਰਹੇ ਵੱਡੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ, ਏਸ਼ੀਅਨ ਗੱਤਕਾ ਫੈਡਰੇਸ਼ਨ ਦੇ ਪ੍ਰਧਾਨ ਨੇ ਗੱਤਕੇ ਨੂੰ ਰਾਸ਼ਟਰੀ ਖੇਡਾਂ ਵਿੱਚ ਸ਼ਾਮਲ ਕਰਨ ਲਈ ਕੇਂਦਰੀ ਖੇਡ ਅਤੇ ਯੁਵਾ ਮਾਮਲਿਆਂ ਦੇ ਮੰਤਰੀ, ਅਨੁਰਾਗ ਠਾਕੁਰ ਅਤੇ ਭਾਰਤੀ ਓਲੰਪਿਕ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਉਮੀਦ ਜਤਾਈ ਕਿ ਉਹ ਇਸ ਪ੍ਰਾਚੀਨ ਭਾਰਤੀ ਕਲਾ ਨੂੰ ਉਤਸ਼ਾਹਿਤ ਕਰਨ ਲਈ ਭਵਿੱਖ ਵਿੱਚ ਵੀ ਨੈਸ਼ਨਲ ਗੱਤਕਾ ਐਸੋਸੀਏਸ਼ਨ ਨੂੰ ਹਰ ਤਰ੍ਹਾਂ ਦੀ ਸਹਾਇਤਾ ਅਤੇ ਹੋਰ ਮੌਕੇ ਪ੍ਰਦਾਨ ਕਰਦੇ ਰਹਿਣਗੇ।

ਜਸਵੰਤ ਸਿੰਘ ਗੋਗਾ ਨੇ ਇਸ ਇਤਿਹਾਸਕ ਪ੍ਰਾਪਤੀ 'ਤੇ ਦੁਨੀਆ ਭਰ ਦੇ ਸਾਰੇ ਗੱਤਕਾ ਖਿਡਾਰੀਆਂ ਅਤੇ ਤਕਨੀਕੀ ਅਧਿਕਾਰੀਆਂ ਨੂੰ ਵਧਾਈ ਦਿੰਦਿਆਂ ਇਹ ਮਹੱਤਵਪੂਰਨ ਮੀਲ ਪੱਥਰ ਹਾਸਲ ਕਰਨ ਲਈ ਨੈਸ਼ਨਲ ਗੱਤਕਾ ਐਸੋਸੀਏਸ਼ਨ ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਵੱਲੋਂ ਪਿਛਲੇ ਡੇਢ ਦਹਾਕੇ ਤੋਂ ਕੀਤੇ ਜਾ ਰਹੇ ਨਿਰੰਤਰ ਅਣਥੱਕ ਯਤਨਾਂ ਦੀ ਵੀ ਸ਼ਲਾਘਾ ਕੀਤੀ ਹੈ।

ਉਨ੍ਹਾਂ ਖੁਲਾਸਾ ਕੀਤਾ ਕਿ ਗੱਤਕਾ ਖੇਡ ਦੀ ਸਿਖਰਲੀ ਗਵਰਨਿੰਗ ਬਾਡੀ ਵਜੋਂ ਕਾਰਜਸ਼ੀਲ ਵਿਸ਼ਵ ਗੱਤਕਾ ਫੈਡਰੇਸ਼ਨ ਵੱਲੋਂ ਗੱਤਕੇ ਨੂੰ ਵਿਸ਼ਵ ਪੱਧਰ 'ਤੇ ਪ੍ਰਫੁੱਲਤ ਕਰਨ ਅਤੇ ਮਾਨਤਾ ਦਿਵਾਉਣ ਲਈ "ਵਿਜ਼ਨ ਡਾਕੂਮੈਂਟ-2030" ਨਾਮਕ ਇੱਕ ਰੋਡਮੈਪ ਤਿਆਰ ਕੀਤਾ ਗਿਆ ਹੈ ਅਤੇ ਏਸ਼ੀਅਨ ਗੱਤਕਾ ਫੈਡਰੇਸ਼ਨ ਇਸ ਰੋਡਮੈਪ ਨੂੰ ਏਸ਼ੀਅਨ ਮੁਲਕਾਂ ਵਿੱਚ ਲਾਗੂ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਜਸਵੰਤ ਸਿੰਘ ਨੇ ਦੱਸਿਆ ਕਿ ਇਸ ਰੋਡਮੈਪ ਵਿੱਚ ਅਗਲਾ ਟੀਚਾ ਗੱਤਕੇ ਨੂੰ ਏਸ਼ੀਅਨ ਖੇਡਾਂ, ਸੈਫ ਖੇਡਾਂ, ਰਾਸ਼ਟਰਮੰਡਲ ਖੇਡਾਂ ਅਤੇ ਫਿਰ ਓਲੰਪਿਕ ਖੇਡਾਂ ਵਿੱਚ ਸ਼ਾਮਲ ਕਰਾਉਣਾ ਹੈ।

ਉਨ੍ਹਾਂ ਇਸ ਟੀਚੇ ਨੂੰ ਪ੍ਰਾਪਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੰਦਿਆ ਕਿਹਾ ਕਿ ਗੱਤਕੇ ਦੇ ਨਾਲ ਦੀਆਂ ਹੋਰ ਸਮਕਾਲੀ ਖੇਡਾਂ ਪਹਿਲਾਂ ਹੀ ਉਪਰੋਕਤ ਅੰਤਰਰਾਸ਼ਟਰੀ ਖੇਡਾਂ ਵਿੱਚ ਸ਼ਾਮਲ ਹੋ ਚੁੱਕੀਆਂ ਹਨ। ਜਸਵੰਤ ਸਿੰਘ ਨੇ ਦੱਸਿਆ ਕਿ ਏਸ਼ੀਅਨ ਗੱਤਕਾ ਫੈਡਰੇਸ਼ਨ ਪਰਵਾਸੀ ਭਾਈਚਾਰੇ ਦੇ ਨਿਰੰਤਰ ਸਹਿਯੋਗ ਨਾਲ ਗੱਤਕੇ ਨੂੰ ਜਲਦੀ ਹੀ ਇੱਕ ਵਿਸ਼ਵ ਪੱਧਰੀ ਖੇਡ ਵਜੋਂ ਮਾਨਤਾ ਦਿਵਾਏਗੀ। ਉਨ੍ਹਾਂ ਸਮੂਹ ਸੰਗਤਾਂ ਨੂੰ ਇਸ ਮਿਥੇ ਉਦੇਸ਼ ਲਈ ਹਰ ਪੱਖੋਂ ਮੱਦਦ ਕਰਨ ਅਤੇ ਇੱਕਜੁੱਟ ਹੋ ਕੇ ਕੰਮ ਕਰਨ ਦਾ ਸੱਦਾ ਦਿੱਤਾ ਤਾਂ ਜੋ ਇਸ ਟੀਚੇ ਨੂੰ ਹਕੀਕਤ ਵਿੱਚ ਬਦਲਿਆ ਜਾ ਸਕੇ।

# ਕਾਰਗਿਲ ਜੰਗ ਦੇ ਸ਼ਹੀਦਾਂ ਨੂੰ ਲੋਕ ਸਭਾ ਅਤੇ ਰਾਜ ਸਭਾ ਵਿਚ ਕੀਤੀ ਗਈ ਸ਼ਰਧਾਂਜਲੀ ਭੇਂਟ

ਨਵੀਂ ਦਿੱਲੀ, 26 ਜੁਲਾਈ (ਪੋਸਟ ਬਿਊਰੋ): ਲੋਕ ਸਭਾ ਅਤੇ ਰਾਜ ਸਭਾ ਦੇ ਮੈਂਬਰਾਂ ਨੇ ਕਾਰਗਿਲ ਵਿਜੇ ਦਿਵਸ 2023 ਦੇ ਮੌਕੇ 'ਤੇ 1999 ਦੀ ਕਾਰਗਿਲ ਜੰਗ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਸੈਨਿਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਸੰਸਦ ਦੇ ਮਾਨਸੂਨ ਸੈਸ਼ਨ ਦੌਰਾਨ ਸੱਤਾਧਾਰੀ ਪਾਰਟੀ ਅਤੇ ਵਿਰੋਧੀ ਧਿਰ ਵਿਚਾਲੇ ਗਤੀਰੋਧ ਜਾਰੀ ਹੈ।



ਇਸ ਦੌਰਾਨ 26 ਵਿਰੋਧੀ ਪਾਰਟੀਆਂ ਦੇ ਗੱਠਜੋੜ 'ਇੰਡੀਆ' ਨੇ ਮੋਦੀ ਸਰਕਾਰ ਵਿਰੁੱਧ ਬੇਭਰੋਸਗੀ ਮਤਾ ਲਿਆਂਦਾ ਹੈ।

ਕਾਂਗਰਸ ਦੇ ਸੰਸਦ ਮੈਂਬਰ ਗੌਰਵ ਗੋਗੋਈ ਨੇ ਲੋਕ ਸਭਾ ਵਿੱਚ ਸਰਕਾਰ ਖ਼ਿਲਾਫ਼ ਬੇਭਰੋਸਗੀ ਮਤੇ ਦਾ ਨੋਟਿਸ ਦਿੱਤਾ ਹੈ। ਲੋਕ ਸਭਾ 'ਚ ਵਿਰੋਧੀ ਧਿਰ ਦੇ ਬੇਭਰੋਸਗੀ ਮਤੇ 'ਤੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੂੰ ਮਣੀਪੁਰ ਮੁੱਦੇ 'ਤੇ ਬਿਆਨ ਦੇਣਾ ਚਾਹੀਦਾ ਹੈ। ਵਿਰੋਧੀ ਧਿਰ ਦੇ ਸੰਸਦ ਮੈਂਬਰਾਂ ਦੇ ਨਾਅਰੇਬਾਜ਼ੀ ਦੌਰਾਨ ਲੋਕ ਸਭਾ ਦੁਪਹਿਰ 12 ਵਜੇ ਤੱਕ ਮੁਲਤਵੀ ਕਰ ਦਿੱਤੀ ਗਈ ਸੀ। ਉਨ੍ਹਾਂ ਦੀ ਮੰਗ ਹੈ ਕਿ ਪ੍ਰਧਾਨ ਮੰਤਰੀ ਨੂੰ ਸਦਨ 'ਚ ਆ ਕੇ ਮਣੀਪੁਰ ਮੁੱਦੇ 'ਤੇ ਚਰਚਾ ਕਰਨੀ ਚਾਹੀਦੀ ਹੈ।

# ਆਈਸੀਸੀ ਨੇ ਹਰਮਨਪ੍ਰੀਤ ਕੌਰ 'ਤੇ 2 ਮੈਚਾਂ ਦੀ ਲਾਈ ਪਾਬੰਦੀ

ਨਵੀਂ ਦਿੱਲੀ, 26 ਜੁਲਾਈ (ਪੋਸਟ ਬਿਊਰੋ): ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ 'ਤੇ ਆਈਸੀਸੀ ਵਲੋਂ 2 ਅੰਤਰਰਾਸ਼ਟਰੀ ਮੈਚਾਂ ਦੀ ਪਾਬੰਦੀ ਲਗਾਈ ਗਈ ਹੈ। ਇਸ ਪਾਬੰਦੀ ਕਾਰਨ ਕੌਰ ਏਸ਼ੀਆਈ ਖੇਡਾਂ ਦੇ ਸ਼ੁਰੂਆਤੀ ਦੋ ਮੈਚ ਨਹੀਂ ਖੇਡ ਸਕੇਗੀ। ਹਰਮਨਪ੍ਰੀਤ ਨੇ ਬੰਗਲਾਦੇਸ਼ ਦੇ ਖ਼ਿਲਾਫ਼ ਤੀਜੇ ਵਨਡੇ ਵਿੱਚ ਸਟੰਪ 'ਤੇ ਬੱਲੇ ਨੂੰ ਮਾਰਿਆ ਅਤੇ ਅੰਪਾਇਰ ਦੇ ਫੈਸਲੇ ਨਾਲ ਅਸਹਿਮਤ ਸੀ। ਭਾਰਤੀ ਕਪਤਾਨ ਨੂੰ ਅੰਤਰਰਾਸ਼ਟਰੀ ਕ੍ਰਿਕਟ ਪਰਿਸ਼ਦ (ਆਈਸੀਸੀ) ਨੇ ਨਿਯਮਾਂ ਦੀਆਂ 2 ਵੱਖ-ਵੱਖ ਉਲੰਘਣਾਵਾਂ ਕਾਰਨ ਸਜ਼ਾ ਸੁਣਾਈ ਹੈ।



ਹਰਮਨ ਨੂੰ ਕੋਡ ਆਫ ਕੰਡਕਟ ਦੇ ਲੈਵਲ-2 ਦੀ ਉਲੰਘਣਾ ਕਰਨ ਦਾ ਦੋਸ਼ੀ ਪਾਇਆ ਗਿਆ ਹੈ, ਜਿਸ ਕਾਰਨ ਉਸ 'ਤੇ ਮੈਚ ਫੀਸ ਦਾ 50% ਜ਼ੁਰਮਾਨਾ ਲਗਾਇਆ ਗਿਆ ਹੈ। ਇਸ ਦੇ ਨਾਲ ਹੀ ਸਜ਼ਾ ਵਜੋਂ 3 ਡੀਮੈਰਿਟ ਪੁਆਇੰਟ ਵੀ ਦਿੱਤੇ ਗਏ ਹਨ।

ਹਰਮਨਪ੍ਰੀਤ ਕੌਰ ਨੂੰ ਦੌਰਾਨ ਮੈਚ ਅੰਪਾਇਰਿੰਗ ਦੀ ਖੁੱਲ੍ਹੇਆਮ ਆਲੋਚਨਾ ਕਰਨ ਲਈ 'ਅੰਤਰਰਾਸ਼ਟਰੀ ਮੈਚ ਵਿੱਚ ਵਾਪਰੀ ਘਟਨਾ ਦੀ ਜਨਤਕ ਆਲੋਚਨਾ' ਨਾਲ ਸਬੰਧਤ ਲੈਵਲ-1 ਦੀ ਉਲੰਘਣਾ ਲਈ ਉਸ ਦੀ ਮੈਚ ਫੀਸ ਦਾ 25 ਫੀਸਦੀ ਜ਼ੁਰਮਾਨਾ ਵੀ ਲਗਾਇਆ ਗਿਆ ਸੀ। ਜ਼ਿਕਰਯੋਗ ਹੈ ਕਿ 22 ਸਤੰਬਰ ਨੂੰ ਹੋਣ ਵਾਲੀਆਂ ਏਸ਼ਿਆਈ ਖੇਡਾਂ ਵਿੱਚ ਭਾਰਤ ਦਾ ਪਹਿਲਾ ਮੈਚ ਹੈ। ਏਸ਼ਿਆਈ ਖੇਡਾਂ ਵਿੱਚ ਭਾਰਤੀ ਟੀਮ ਦਾ ਪਹਿਲਾ ਮੈਚ 22 ਸਤੰਬਰ ਨੂੰ ਖੇਡਿਆ ਜਾਵੇਗਾ।

# ਹਰਿਆਣਾ ਵਿਚ ਯਮੁਨਾ ਦੇ ਹੇਠਾਂ ਤੋਂ ਗੈਸ ਪਾਈਪਲਾਈਨ ਹੋਈ ਲੀਕ

ਚੰਡੀਗੜ੍ਹ, 26 ਜੁਲਾਈ (ਪੋਸਟ ਬਿਊਰੋ): ਹਰਿਆਣਾ ਦੇ ਸੋਨੀਪਤ 'ਚ ਯਮੁਨਾ ਵਿਚ ਗੈਸ ਪਾਈਪ ਲਾਈਨ ਲੀਕ ਹੋ ਗਈ। ਇਹ ਪਾਈਪਲਾਈਨ ਪਾਣੀਪਤ ਰਿਫਾਇਨਰੀ ਤੋਂ ਉੱਤਰ ਪ੍ਰਦੇਸ਼ ਵੱਲ ਜਾ ਰਹੀ ਹੈ। ਪਿੰਡ ਘਸੌਲੀ ਨੇੜੇ ਜਿਉਂ ਹੀ ਪਾਈਪ ਲਾਈਨ ਲੀਕ ਹੋਈ ਤਾਂ ਆਸ-ਪਾਸ ਦੇ ਇਲਾਕਿਆਂ ਵਿੱਚ ਹੜਕੰਪ ਮੱਚ ਗਿਆ। ਗੈਸ ਲੀਕ ਹੋਣ ਕਾਰਨ ਯਮੁਨਾ 'ਚ ਪਾਣੀ ਦਾ ਤੂਫਾਨ ਵਧਣ ਲੱਗਾ। ਇਸ ਦਾ ਪਤਾ ਲੱਗਦਿਆਂ ਹੀ ਪਾਣੀਪਤ ਰਿਫਾਇਨਰੀ ਤੋਂ ਤੁਰੰਤ ਗੈਸ ਪ੍ਰੈਸ਼ਰ ਘੱਟ ਕਰ ਦਿੱਤਾ ਗਿਆ।



ਇਸ ਦੇ ਨਾਲ ਹੀ ਪਾਣੀਪਤ ਅਤੇ ਆਸਪਾਸ ਦੇ ਇਲਾਕਿਆਂ ਵਿੱਚ ਸੀਐਨਜੀ ਪੰਪਾਂ ਨੂੰ ਗੈਸ ਦੀ ਸਪਲਾਈ ਵੀ ਬੰਦ ਕਰ ਦਿੱਤੀ ਗਈ ਹੈ। ਫਿਲਹਾਲ ਗੈਸ ਦੇ ਅਚਾਨਕ ਲੀਕ ਹੋਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਅਧਿਕਾਰੀਆਂ ਦਾ ਮੰਨਣਾ ਹੈ ਕਿ ਯਮੁਨਾ ਵਿਚ ਪਾਣੀ ਦੇ ਤੇਜ਼ ਵਹਾਅ ਕਾਰਨ ਪਾਈਪਲਾਈਨ ਲੀਕ ਹੋ ਸਕਦੀ ਹੈ। ਅਧਿਕਾਰੀਆਂ ਦੀ ਟੀਮ ਮੌਕੇ 'ਤੇ ਤਾਇਨਾਤ ਕੀਤੀ ਗਈ ਹੈ ਤਾਂ ਜੋ ਕਿਸੇ ਤਰ੍ਹਾਂ ਦਾ ਕੋਈ ਨੁਕਸਾਨ ਨਾ ਹੋਵੇ।

# ਮੁੱਖ ਮੰਤਰੀ ਵੱਲੋਂ ਨੌਕਰੀ ਦੌਰਾਨ ਹਾਦਸੇ ਵਿਚ ਮਾਰੇ ਜਾਣ ਵਾਲੇ ਸੈਨਿਕਾਂ ਦੇ ਪਰਿਵਾਰਾਂ ਲਈ ਐਕਸ-ਗ੍ਰੇਸ਼ੀਆ ਗਰਾਂਟ ਸ਼ੁਰੂ ਕਰਨ ਦਾ ਐਲਾਨ

*** ਪਹਿਲੇ ਤੇ ਦੂਜੇ ਵਿਸ਼ਵ ਯੁੱਧ ਦੇ ਨਾਨ-ਪੈਨਸ਼ਨਰ ਸਾਬਕਾ ਸੈਨਿਕਾਂ ਲਈ ਵਿੱਤੀ ਸਹਾਇਤਾ ਵਿਚ ਇਜ਼ਾਫਾ *ਕਾਰਗਿਲ ਵਿਜੈ ਦਿਵਸ ਮੌਕੇ ਮੁੱਖ ਮੰਤਰੀ ਵੱਲੋਂ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਟ**

ਅੰਮ੍ਰਿਤਸਰ, 26 ਜੁਲਾਈ (ਪੋਸਟ ਬਿਊਰੋ): ਦੇਸ਼ ਦੇ ਬਹਾਦਰ ਸੈਨਿਕਾਂ ਦੇ ਸਤਿਕਾਰ ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਫੌਜੀ ਸੈਨਿਕ ਦੀ ਨੌਕਰੀ ਦੌਰਾਨ ਕਿਸੇ ਹਾਦਸੇ ਵਿੱਚ ਮੌਤ ਹੋ ਜਾਣ (ਫਿਜ਼ੀਕਲ ਕੈਜ਼ੁਅਲਟੀ) ਦੀ ਸੂਰਤ ਵਿਚ ਪਰਿਵਾਰ ਲਈ ਐਕਸ-ਗ੍ਰੇਸ਼ੀਆ ਗਰਾਂਟ ਸ਼ੁਰੂ ਕਰਨ ਦਾ ਐਲਾਨ ਕੀਤਾ ਹੈ। ਇਸ ਦੇ ਨਾਲ ਹੀ ਮੁੱਖ ਮੰਤਰੀ ਨੇ ਡਿਊਟੀ ਦੌਰਾਨ ਦਿਵਿਆਂਗ ਹੋਏ ਸੈਨਿਕਾਂ ਲਈ ਵਿੱਤੀ ਸਹਾਇਤਾ ਦੁੱਗਣੀ ਕਰਨ ਦੇ ਨਾਲ-ਨਾਲ ਪਹਿਲੇ ਤੇ ਦੂਜੇ ਵਿਸ਼ਵ ਯੁੱਧ ਦੇ ਨਾਨ-ਪੈਨਸ਼ਨਰ ਸਾਬਕਾ ਸੈਨਿਕਾਂ ਦੀ ਵਿੱਤੀ ਸਹਾਇਤਾ ਵਧਾਉਣ ਦਾ ਵੀ ਐਲਾਨ ਕੀਤਾ।

ਅੱਜ ਇੱਥੇ 'ਪੰਜਾਬ ਸਟੇਟ ਵਾਰ ਹੀਰੋਜ਼ ਮੈਮੋਰੀਅਲ ਐਂਡ ਮਿਊਜ਼ੀਅਮ' ਵਿਖੇ ਕਾਰਗਿਲ ਵਿਜੈ ਦਿਵਸ ਮੌਕੇ ਕਰਵਾਏ ਸਮਾਗਮ ਵਿਚ ਮੁੱਖ ਮੰਤਰੀ ਨੇ ਸੂਬੇ ਦੀ ਅਗਵਾਈ ਕਰਦਿਆਂ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਲਈ ਜਾਨਾਂ ਕੁਰਬਾਨ ਕਰਨ ਵਾਲੇ ਕਾਰਗਿਲ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਜੰਗੀ ਨਾਇਕਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਤੋਂ ਬਾਅਦ ਆਪਣੇ ਵਿਚਾਰ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੈਨਿਕਾਂ ਦੇ ਲਾਮਿਸਾਲ ਯੋਗਦਾਨ ਦੇ ਸਤਿਕਾਰ ਵਿਚ ਸੂਬਾ ਸਰਕਾਰ ਨੇ ਹੁਣ ਰੱਖਿਆ ਸੈਨਾਵਾਂ ਵਿਚ ਨੌਕਰੀਆਂ ਦੌਰਾਨ ਸੈਨਿਕ ਦੀ ਕਿਸੇ ਹਾਦਸੇ ਵਿਚ (ਜੰਗੀ ਅਪ੍ਰੇਸ਼ਨਾਂ ਤੋਂ ਇਲਾਵਾ) ਮੌਤ ਹੋ ਜਾਣ ਦੀ ਸੂਰਤ ਵਿਚ ਪਰਿਵਾਰ ਲਈ 25 ਲੱਖ ਰੁਪਏ ਐਕਸ-ਗ੍ਰੇਸ਼ੀਆ ਗਰਾਂਟ ਸ਼ੁਰੂ ਕਰਨ ਦਾ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਅਜਿਹੀ ਕੋਈ ਵਿਵਸਥਾ ਨਹੀਂ ਸੀ ਪਰ ਉਨ੍ਹਾਂ ਦੀ ਸਰਕਾਰ ਨੇ ਇਹ ਉਪਰਾਲਾ ਕੀਤਾ ਹੈ ਕਿਉਂਕਿ ਇਹ ਬਹਾਦਰ ਸੈਨਿਕ ਵੀ ਡਿਊਟੀ ਦੌਰਾਨ ਆਪਣੀ ਜਾਨ ਕੁਰਬਾਨ ਕਰਦੇ ਹਨ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਨੇ ਡਿਊਟੀ ਦੌਰਾਨ ਦਿਵਿਆਂਗ ਹੋ ਚੁੱਕੇ ਸੈਨਿਕਾਂ ਲਈ ਵੀ ਐਕਸ-ਗ੍ਰੇਸ਼ੀਆ ਰਾਸ਼ੀ ਵਿਚ ਵਾਧਾ ਕੀਤਾ ਹੈ।

URGENTLY NEED NEW LISTINGS IN BRAMPTON/CALEDON
visit: www.teamjagaujla.com
ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD
SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੁਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੌਟ ਲਾਇਟਸ ਆਦਿ।
CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।
BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।
BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੇਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।
FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results
RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry
Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ
Dr. Samreet Kaur Randhawa
General Family Dentist
New Patients welcome
Deal Directly with all Insurance Companies
NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111
INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!
FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044
Mayfield Rd / Mcvean Dr / Gore Rd / Countryside Dr / Squire Ellis Dr / DENTISTRY

Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ
ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ
ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

REXDALE BODY SHOP
USED CAR SALE
Specialization In:
- All Kinds of Body Work
- Auto Glass Windshield
- Denting, Painting & Welding
SPECIAL PAINT JOB $779
RENTAL CAR PROVIDED
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 /416.951.6431
Towing Service Car Paint Starts $799*upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com







FRESH & LARGE VARIETY
BREAD, DAIRY & EGGS
BRANDED FOODS
FRUITS & VEGETABLES
BEVERAGES &
CONFECTIONERY
GROCERY & STAPLES
SWEET & SAMOSAS

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017